ੴ ਸਤਿਗੁਰ ਪ੍ਰਸਾਦਿ ॥ (219-1)
ਰਾਗੁ ਗਉੜੀ ਮਹਲਾ ੯ ॥ (219-1)
ਸਾਧੋ ਮਨ ਕਾ ਮਾਨੁ ਤਿਆਗਉ ॥ (219-1, ਗਉੜੀ, ਮਃ 9)
ਕਾਮੁ ਕ੍ਰੋਧੁ ਸੰਗਤਿ ਦੁਰਜਨ ਕੀ ਤਾ ਤੇ ਅਹਿਨਿਸਿ ਭਾਗਉ ॥੧॥ ਰਹਾਉ ॥ (219-1, ਗਉੜੀ, ਮਃ 9)
ਸੁਖੁ ਦੁਖੁ ਦੋਨੋ ਸਮ ਕਰਿ ਜਾਨੈ ਅਉਰੁ ਮਾਨੁ ਅਪਮਾਨਾ ॥ (219-2, ਗਉੜੀ, ਮਃ 9)
ਹਰਖ ਸੋਗ ਤੇ ਰਹੈ ਅਤੀਤਾ ਤਿਨਿ ਜਗਿ ਤਤੁ ਪਛਾਨਾ ॥੧॥ (219-3, ਗਉੜੀ, ਮਃ 9)
ਉਸਤਤਿ ਨਿੰਦਾ ਦੋਊ ਤਿਆਗੈ ਖੋਜੈ ਪਦੁ ਨਿਰਬਾਨਾ ॥ (219-3, ਗਉੜੀ, ਮਃ 9)
ਜਨ ਨਾਨਕ ਇਹੁ ਖੇਲੁ ਕਠਨੁ ਹੈ ਕਿਨਹੂੰ ਗੁਰਮੁਖਿ ਜਾਨਾ ॥੨॥੧॥ (219-4, ਗਉੜੀ, ਮਃ 9)
ਗਉੜੀ ਮਹਲਾ ੯ ॥ (219-4)
ਸਾਧੋ ਰਚਨਾ ਰਾਮ ਬਨਾਈ ॥ (219-4, ਗਉੜੀ, ਮਃ 9)
ਇਕਿ ਬਿਨਸੈ ਇਕ ਅਸਥਿਰੁ ਮਾਨੈ ਅਚਰਜੁ ਲਖਿਓ ਨ ਜਾਈ ॥੧॥ ਰਹਾਉ ॥ (219-5, ਗਉੜੀ, ਮਃ 9)
ਕਾਮ ਕ੍ਰੋਧ ਮੋਹ ਬਸਿ ਪ੍ਰਾਨੀ ਹਰਿ ਮੂਰਤਿ ਬਿਸਰਾਈ ॥ (219-5, ਗਉੜੀ, ਮਃ 9)
ਝੂਠਾ ਤਨੁ ਸਾਚਾ ਕਰਿ ਮਾਨਿਓ ਜਿਉ ਸੁਪਨਾ ਰੈਨਾਈ ॥੧॥ (219-6, ਗਉੜੀ, ਮਃ 9)
ਜੋ ਦੀਸੈ ਸੋ ਸਗਲ ਬਿਨਾਸੈ ਜਿਉ ਬਾਦਰ ਕੀ ਛਾਈ ॥ (219-6, ਗਉੜੀ, ਮਃ 9)
ਜਨ ਨਾਨਕ ਜਗੁ ਜਾਨਿਓ ਮਿਥਿਆ ਰਹਿਓ ਰਾਮ ਸਰਨਾਈ ॥੨॥੨॥ (219-7, ਗਉੜੀ, ਮਃ 9)
ਗਉੜੀ ਮਹਲਾ ੯ ॥ (219-8)
ਪ੍ਰਾਨੀ ਕਉ ਹਰਿ ਜਸੁ ਮਨਿ ਨਹੀ ਆਵੈ ॥ (219-8, ਗਉੜੀ, ਮਃ 9)
ਅਹਿਨਿਸਿ ਮਗਨੁ ਰਹੈ ਮਾਇਆ ਮੈ ਕਹੁ ਕੈਸੇ ਗੁਨ ਗਾਵੈ ॥੧॥ ਰਹਾਉ ॥ (219-8, ਗਉੜੀ, ਮਃ 9)
ਪੂਤ ਮੀਤ ਮਾਇਆ ਮਮਤਾ ਸਿਉ ਇਹ ਬਿਧਿ ਆਪੁ ਬੰਧਾਵੈ ॥ (219-9, ਗਉੜੀ, ਮਃ 9)
ਮ੍ਰਿਗ ਤ੍ਰਿਸਨਾ ਜਿਉ ਝੂਠੋ ਇਹੁ ਜਗ ਦੇਖਿ ਤਾਸਿ ਉਠਿ ਧਾਵੈ ॥੧॥ (219-9, ਗਉੜੀ, ਮਃ 9)
ਭੁਗਤਿ ਮੁਕਤਿ ਕਾ ਕਾਰਨੁ ਸੁਆਮੀ ਮੂੜ ਤਾਹਿ ਬਿਸਰਾਵੈ ॥ (219-10, ਗਉੜੀ, ਮਃ 9)
ਜਨ ਨਾਨਕ ਕੋਟਨ ਮੈ ਕੋਊ ਭਜਨੁ ਰਾਮ ਕੋ ਪਾਵੈ ॥੨॥੩॥ (219-11, ਗਉੜੀ, ਮਃ 9)
ਗਉੜੀ ਮਹਲਾ ੯ ॥ (219-11)
ਸਾਧੋ ਇਹੁ ਮਨੁ ਗਹਿਓ ਨ ਜਾਈ ॥ (219-11, ਗਉੜੀ, ਮਃ 9)
ਚੰਚਲ ਤ੍ਰਿਸਨਾ ਸੰਗਿ ਬਸਤੁ ਹੈ ਯਾ ਤੇ ਥਿਰੁ ਨ ਰਹਾਈ ॥੧॥ ਰਹਾਉ ॥ (219-12, ਗਉੜੀ, ਮਃ 9)
ਕਠਨ ਕਰੋਧ ਘਟ ਹੀ ਕੇ ਭੀਤਰਿ ਜਿਹ ਸੁਧਿ ਸਭ ਬਿਸਰਾਈ ॥ (219-12, ਗਉੜੀ, ਮਃ 9)
ਰਤਨੁ ਗਿਆਨੁ ਸਭ ਕੋ ਹਿਰਿ ਲੀਨਾ ਤਾ ਸਿਉ ਕਛੁ ਨ ਬਸਾਈ ॥੧॥ (219-13, ਗਉੜੀ, ਮਃ 9)
ਜੋਗੀ ਜਤਨ ਕਰਤ ਸਭਿ ਹਾਰੇ ਗੁਨੀ ਰਹੇ ਗੁਨ ਗਾਈ ॥ (219-14, ਗਉੜੀ, ਮਃ 9)
ਜਨ ਨਾਨਕ ਹਰਿ ਭਏ ਦਇਆਲਾ ਤਉ ਸਭ ਬਿਧਿ ਬਨਿ ਆਈ ॥੨॥੪॥ (219-14, ਗਉੜੀ, ਮਃ 9)
ਗਉੜੀ ਮਹਲਾ ੯ ॥ (219-15)
ਸਾਧੋ ਗੋਬਿੰਦ ਕੇ ਗੁਨ ਗਾਵਉ ॥ (219-15, ਗਉੜੀ, ਮਃ 9)
ਮਾਨਸ ਜਨਮੁ ਅਮੋਲਕੁ ਪਾਇਓ ਬਿਰਥਾ ਕਾਹਿ ਗਵਾਵਉ ॥੧॥ ਰਹਾਉ ॥ (219-15, ਗਉੜੀ, ਮਃ 9)
ਪਤਿਤ ਪੁਨੀਤ ਦੀਨ ਬੰਧ ਹਰਿ ਸਰਨਿ ਤਾਹਿ ਤੁਮ ਆਵਉ ॥ (219-16, ਗਉੜੀ, ਮਃ 9)
ਗਜ ਕੋ ਤ੍ਰਾਸੁ ਮਿਟਿਓ ਜਿਹ ਸਿਮਰਤ ਤੁਮ ਕਾਹੇ ਬਿਸਰਾਵਉ ॥੧॥ (219-16, ਗਉੜੀ, ਮਃ 9)
ਤਜਿ ਅਭਿਮਾਨ ਮੋਹ ਮਾਇਆ ਫੁਨਿ ਭਜਨ ਰਾਮ ਚਿਤੁ ਲਾਵਉ ॥ (219-17, ਗਉੜੀ, ਮਃ 9)
ਨਾਨਕ ਕਹਤ ਮੁਕਤਿ ਪੰਥ ਇਹੁ ਗੁਰਮੁਖਿ ਹੋਇ ਤੁਮ ਪਾਵਉ ॥੨॥੫॥ (218-19, ਗਉੜੀ, ਮਃ 9)

ਗਉੜੀ ਮਹਲਾ ੯ ॥ (219-18)
ਕੋਊ ਮਾਈ ਭੂਲਿਓ ਮਨੁ ਸਮਝਾਵੈ ॥ (219-18, ਗਉੜੀ, ਮਃ 9)
ਬੇਦ ਪੁਰਾਨ ਸਾਧ ਮਗ ਸੁਨਿ ਕਰਿ ਨਿਮਖ ਨ ਹਰਿ ਗੁਨ ਗਾਵੈ ॥੧॥ ਰਹਾਉ ॥ (220-1, ਗਉੜੀ, ਮਃ 9)
ਦੁਰਲਭ ਦੇਹ ਪਾਇ ਮਾਨਸ ਕੀ ਬਿਰਥਾ ਜਨਮੁ ਸਿਰਾਵੈ ॥ (220-1, ਗਉੜੀ, ਮਃ 9)
ਮਾਇਆ ਮੋਹ ਮਹਾ ਸੰਕਟ ਬਨ ਤਾ ਸਿਉ ਰੁਚ ਉਪਜਾਵੈ ॥੧॥ (220-2, ਗਉੜੀ, ਮਃ 9)
ਅੰਤਰਿ ਬਾਹਰਿ ਸਦਾ ਸੰਗਿ ਪ੍ਰਭੁ ਤਾ ਸਿਉ ਨੇਹੁ ਨ ਲਾਵੈ ॥ (220-3, ਗਉੜੀ, ਮਃ 9)
ਨਾਨਕ ਮੁਕਤਿ ਤਾਹਿ ਤੁਮ ਮਾਨਹੁ ਜਿਹ ਘਟਿ ਰਾਮੁ ਸਮਾਵੈ ॥੨॥੬॥ (220-3, ਗਉੜੀ, ਮਃ 9)
ਗਉੜੀ ਮਹਲਾ ੯ ॥ (220-4)
ਸਾਧੋ ਰਾਮ ਸਰਨਿ ਬਿਸਰਾਮਾ ॥ (220-4, ਗਉੜੀ, ਮਃ 9)
ਬੇਦ ਪੁਰਾਨ ਪੜੇ ਕੋ ਇਹ ਗੁਨ ਸਿਮਰੇ ਹਰਿ ਕੋ ਨਾਮਾ ॥੧॥ ਰਹਾਉ ॥ (220-4, ਗਉੜੀ, ਮਃ 9)
ਲੋਭ ਮੋਹ ਮਾਇਆ ਮਮਤਾ ਫੁਨਿ ਅਉ ਬਿਖਿਅਨ ਕੀ ਸੇਵਾ ॥ (220-5, ਗਉੜੀ, ਮਃ 9)
ਹਰਖ ਸੋਗ ਪਰਸੈ ਜਿਹ ਨਾਹਨਿ ਸੋ ਮੂਰਤਿ ਹੈ ਦੇਵਾ ॥੧॥ (220-5, ਗਉੜੀ, ਮਃ 9)
ਸੁਰਗ ਨਰਕ ਅੰਮ੍ਰਿਤ ਬਿਖੁ ਏ ਸਭ ਤਿਉ ਕੰਚਨ ਅਰੁ ਪੈਸਾ ॥ (220-6, ਗਉੜੀ, ਮਃ 9)
ਉਸਤਤਿ ਨਿੰਦਾ ਏ ਸਮ ਜਾ ਕੈ ਲੋਭੁ ਮੋਹੁ ਫੁਨਿ ਤੈਸਾ ॥੨॥ (220-6, ਗਉੜੀ, ਮਃ 9)
ਦੁਖੁ ਸੁਖੁ ਏ ਬਾਧੇ ਜਿਹ ਨਾਹਨਿ ਤਿਹ ਤੁਮ ਜਾਨਉ ਗਿਆਨੀ ॥ (220-7, ਗਉੜੀ, ਮਃ 9)
ਨਾਨਕ ਮੁਕਤਿ ਤਾਹਿ ਤੁਮ ਮਾਨਉ ਇਹ ਬਿਧਿ ਕੋ ਜੋ ਪ੍ਰਾਨੀ ॥੩॥੭॥ (220-8, ਗਉੜੀ, ਮਃ 9)
ਗਉੜੀ ਮਹਲਾ ੯ ॥ (220-8)
ਮਨ ਰੇ ਕਹਾ ਭਇਓ ਤੈ ਬਉਰਾ ॥ (220-8, ਗਉੜੀ, ਮਃ 9)
ਅਹਿਨਿਸਿ ਅਉਧ ਘਟੈ ਨਹੀ ਜਾਨੈ ਭਇਓ ਲੋਭ ਸੰਗਿ ਹਉਰਾ ॥੧॥ ਰਹਾਉ ॥ (220-9, ਗਉੜੀ, ਮਃ 9)
ਜੋ ਤਨੁ ਤੈ ਅਪਨੋ ਕਰਿ ਮਾਨਿਓ ਅਰੁ ਸੁੰਦਰ ਗ੍ਰਿਹ ਨਾਰੀ ॥ (220-9, ਗਉੜੀ, ਮਃ 9)
ਇਨ ਮੈਂ ਕਛੁ ਤੇਰੋ ਰੇ ਨਾਹਨਿ ਦੇਖੋ ਸੋਚ ਬਿਚਾਰੀ ॥੧॥ (220-10, ਗਉੜੀ, ਮਃ 9)
ਰਤਨ ਜਨਮੁ ਅਪਨੋ ਤੈ ਹਾਰਿਓ ਗੋਬਿੰਦ ਗਤਿ ਨਹੀ ਜਾਨੀ ॥ (220-11, ਗਉੜੀ, ਮਃ 9)
ਨਿਮਖ ਨ ਲੀਨ ਭਇਓ ਚਰਨਨ ਸਿੰਉ ਬਿਰਥਾ ਅਉਧ ਸਿਰਾਨੀ ॥੨॥ (220-11, ਗਉੜੀ, ਮਃ 9)
ਕਹੁ ਨਾਨਕ ਸੋਈ ਨਰੁ ਸੁਖੀਆ ਰਾਮ ਨਾਮ ਗੁਨ ਗਾਵੈ ॥ (220-12, ਗਉੜੀ, ਮਃ 9)
ਅਉਰ ਸਗਲ ਜਗੁ ਮਾਇਆ ਮੋਹਿਆ ਨਿਰਭੈ ਪਦੁ ਨਹੀ ਪਾਵੈ ॥੩॥੮॥ (220-12, ਗਉੜੀ, ਮਃ 9)
ਗਉੜੀ ਮਹਲਾ ੯ ॥ (220-13)
ਨਰ ਅਚੇਤ ਪਾਪ ਤੇ ਡਰੁ ਰੇ ॥ (220-13, ਗਉੜੀ, ਮਃ 9)
ਦੀਨ ਦਇਆਲ ਸਗਲ ਭੈ ਭੰਜਨ ਸਰਨਿ ਤਾਹਿ ਤੁਮ ਪਰੁ ਰੇ ॥੧॥ ਰਹਾਉ ॥ (220-13, ਗਉੜੀ, ਮਃ 9)
ਬੇਦ ਪੁਰਾਨ ਜਾਸ ਗੁਨ ਗਾਵਤ ਤਾ ਕੋ ਨਾਮੁ ਹੀਐ ਮੋ ਧਰੁ ਰੇ ॥ (220-14, ਗਉੜੀ, ਮਃ 9)
ਪਾਵਨ ਨਾਮੁ ਜਗਤਿ ਮੈ ਹਰਿ ਕੋ ਸਿਮਰਿ ਸਿਮਰਿ ਕਸਮਲ ਸਭ ਹਰੁ ਰੇ ॥੧॥ (220-15, ਗਉੜੀ, ਮਃ 9)
ਮਾਨਸ ਦੇਹ ਬਹੁਰਿ ਨਹ ਪਾਵੈ ਕਛੂ ਉਪਾਉ ਮੁਕਤਿ ਕਾ ਕਰੁ ਰੇ ॥ (220-15, ਗਉੜੀ, ਮਃ 9)
ਨਾਨਕ ਕਹਤ ਗਾਇ ਕਰੁਨਾ ਮੈ ਭਵ ਸਾਗਰ ਕੈ ਪਾਰਿ ਉਤਰੁ ਰੇ ॥੨॥੯॥੨੫੧॥ (220-16, ਗਉੜੀ, ਮਃ 9)
ੴ ਸਤਿਗੁਰ ਪ੍ਰਸਾਦਿ ॥ (411-4)
ਰਾਗੁ ਆਸਾ ਮਹਲਾ ੯ ॥ (411-4)
ਬਿਰਥਾ ਕਹਉ ਕਉਨ ਸਿਉ ਮਨ ਕੀ ॥ (411-4, ਆਸਾ, ਮਃ 9)
ਲੋਭਿ ਗ੍ਰਸਿਓ ਦਸ ਹੂ ਦਿਸ ਧਾਵਤ ਆਸਾ ਲਾਗਿਓ ਧਨ ਕੀ ॥੧॥ ਰਹਾਉ ॥ (411-5, ਆਸਾ, ਮਃ 9)

ਸੁਖ ਕੈ ਹੇਤਿ ਬਹੁਤੁ ਦੁਖੁ ਪਾਵਤ ਸੇਵ ਕਰਤ ਜਨ ਜਨ ਕੀ ॥ (411-5, ਆਸਾ, ਮਃ 9)
ਦੁਆਰਹਿ ਦੁਆਰਿ ਸੁਆਨ ਜਿਉ ਡੋਲਤ ਨਹ ਸੁਧ ਰਾਮ ਭਜਨ ਕੀ ॥੧॥ (411-6, ਆਸਾ, ਮਃ 9)
ਮਾਨਸ ਜਨਮ ਅਕਾਰਥ ਖੋਵਤ ਲਾਜ ਨ ਲੋਕ ਹਸਨ ਕੀ ॥ (411-7, ਆਸਾ, ਮਃ 9)
ਨਾਨਕ ਹਰਿ ਜਸੁ ਕਿਉ ਨਹੀ ਗਾਵਤ ਕੁਮਤਿ ਬਿਨਾਸੈ ਤਨ ਕੀ ॥੨॥੧॥੨੩੩॥ (411-7, ਆਸਾ, ਮਃ 9)
ੴ ਸਤਿਗੁਰ ਪ੍ਰਸਾਦਿ ॥ (536-8)
ਰਾਗੁ ਦੇਵਗੰਧਾਰੀ ਮਹਲਾ ੯ ॥ (536-8)
ਯਹ ਮਨੁ ਨੈਕ ਨ ਕਹਿਓ ਕਰੈ ॥ (536-8, ਦੇਵਗੰਧਾਰੀ, ਮਃ 9)
ਸੀਖ ਸਿਖਾਇ ਰਹਿਓ ਅਪਨੀ ਸੀ ਦੁਰਮਤਿ ਤੇ ਨ ਟਰੈ ॥੧॥ ਰਹਾਉ ॥ (536-8, ਦੇਵਗੰਧਾਰੀ, ਮਃ 9)
ਮਦਿ ਮਾਇਆ ਕੈ ਭਇਓ ਬਾਵਰੋ ਹਰਿ ਜਸੁ ਨਹਿ ਉਚਰੈ ॥ (536-9, ਦੇਵਗੰਧਾਰੀ, ਮਃ 9)
ਕਰਿ ਪਰਪੰਚੁ ਜਗਤ ਕਉ ਡਹਕੈ ਅਪਨੋ ਉਦਰੁ ਭਰੈ ॥੧॥ (536-10, ਦੇਵਗੰਧਾਰੀ, ਮਃ 9)
ਸੁਆਨ ਪੂਛ ਜਿਉ ਹੋਇ ਨ ਸੂਧੋ ਕਹਿਓ ਨ ਕਾਨ ਧਰੈ ॥ (536-10, ਦੇਵਗੰਧਾਰੀ, ਮਃ 9)
ਕਹੁ ਨਾਨਕ ਭਜੁ ਰਾਮ ਨਾਮ ਨਿਤ ਜਾ ਤੇ ਕਾਜੁ ਸਰੈ ॥੨॥੧॥ (536-11, ਦੇਵਗੰਧਾਰੀ, ਮਃ 9)
ਦੇਵਗੰਧਾਰੀ ਮਹਲਾ ੯ ॥ (536-11)
ਸਭ ਕਿਛੁ ਜੀਵਤ ਕੋ ਬਿਵਹਾਰ ॥ (536-11, ਦੇਵਗੰਧਾਰੀ, ਮਃ 9)
ਮਾਤ ਪਿਤਾ ਭਾਈ ਸੁਤ ਬੰਧਪ ਅਰੁ ਫੁਨਿ ਗ੍ਰਿਹ ਕੀ ਨਾਰਿ ॥੧॥ ਰਹਾਉ ॥ (536-12, ਦੇਵਗੰਧਾਰੀ, ਮਃ 9)
ਤਨ ਤੇ ਪ੍ਰਾਨ ਹੋਤ ਜਬ ਨਿਆਰੇ ਟੇਰਤ ਪ੍ਰੇਤਿ ਪੁਕਾਰਿ ॥ (536-12, ਦੇਵਗੰਧਾਰੀ, ਮਃ 9)
ਆਧ ਘਰੀ ਕੋਊ ਨਹਿ ਰਾਖੈ ਘਰ ਤੇ ਦੇਤ ਨਿਕਾਰਿ ॥੧॥ (536-13, ਦੇਵਗੰਧਾਰੀ, ਮਃ 9)
ਮ੍ਰਿਗ ਤ੍ਰਿਸਨਾ ਜਿਉ ਜਗ ਰਚਨਾ ਯਹ ਦੇਖਹੁ ਰਿਦੈ ਬਿਚਾਰਿ ॥ (536-13, ਦੇਵਗੰਧਾਰੀ, ਮਃ 9)
ਕਹੁ ਨਾਨਕ ਭਜੁ ਰਾਮ ਨਾਮ ਨਿਤ ਜਾ ਤੇ ਹੋਤ ਉਧਾਰ ॥੨॥੨॥ (536-14, ਦੇਵਗੰਧਾਰੀ, ਮਃ 9)
ਦੇਵਗੰਧਾਰੀ ਮਹਲਾ ੯ ॥ (536-15)
ਜਗਤ ਮੈ ਝੂਠੀ ਦੇਖੀ ਪ੍ਰੀਤਿ ॥ (536-15, ਦੇਵਗੰਧਾਰੀ, ਮਃ 9)
ਅਪਨੇ ਹੀ ਸੁਖ ਸਿਉ ਸਭ ਲਾਗੇ ਕਿਆ ਦਾਰਾ ਕਿਆ ਮੀਤ ॥੧॥ ਰਹਾਉ ॥ (536-15, ਦੇਵਗੰਧਾਰੀ, ਮਃ 9)
ਮੇਰਉ ਮੇਰਉ ਸਭੈ ਕਹਤ ਹੈ ਹਿਤ ਸਿਉ ਬਾਧਿਓ ਚੀਤ ॥ (536-16, ਦੇਵਗੰਧਾਰੀ, ਮਃ 9)
ਅੰਤਿ ਕਾਲਿ ਸੰਗੀ ਨਹ ਕੋਊ ਇਹ ਅਚਰਜ ਹੈ ਰੀਤਿ ॥੧॥ (536-16, ਦੇਵਗੰਧਾਰੀ, ਮਃ 9)
ਮਨ ਮੂਰਖ ਅਜਹੂ ਨਹ ਸਮਝਤ ਸਿਖ ਦੈ ਹਾਰਿਓ ਨੀਤ ॥ (536-17, ਦੇਵਗੰਧਾਰੀ, ਮਃ 9)
ਨਾਨਕ ਭਉਜਲੁ ਪਾਰਿ ਪਰੈ ਜਉ ਗਾਵੈ ਪ੍ਰਭ ਕੇ ਗੀਤ ॥੨॥੩॥੬॥੩੮॥੪੭॥ (536-17, ਦੇਵਗੰਧਾਰੀ, ਮਃ 9)
ੴ ਸਤਿਗੁਰ ਪ੍ਰਸਾਦਿ ॥ (537-8)
ਰਾਗੁ ਬਿਹਾਗੜਾ ਮਹਲਾ ੯ ॥ (537-8)
ਹਰਿ ਕੀ ਗਤਿ ਨਹਿ ਕੋਊ ਜਾਨੈ ॥ (537-8, ਬਿਹਾਗੜਾ, ਮਃ 9)
ਜੋਗੀ ਜਤੀ ਤਪੀ ਪਚਿ ਹਾਰੇ ਅਰੁ ਬਹੁ ਲੋਗ ਸਿਆਨੇ ॥੧॥ ਰਹਾਉ ॥ (537-8, ਬਿਹਾਗੜਾ, ਮਃ 9)
ਛਿਨ ਮਹਿ ਰਾਉ ਰੰਕ ਕਉ ਕਰਈ ਰਾਉ ਰੰਕ ਕਰਿ ਡਾਰੇ ॥ (537-9, ਬਿਹਾਗੜਾ, ਮਃ 9)
ਰੀਤੇ ਭਰੇ ਭਰੇ ਸਖਨਾਵੈ ਯਹ ਤਾ ਕੋ ਬਿਵਹਾਰੇ ॥੧॥ (537-9, ਬਿਹਾਗੜਾ, ਮਃ 9)
ਅਪਨੀ ਮਾਇਆ ਆਪਿ ਪਸਾਰੀ ਆਪਹਿ ਦੇਖਨਹਾਰਾ ॥ (537-10, ਬਿਹਾਗੜਾ, ਮਃ 9)
ਨਾਨਾ ਰੂਪੁ ਧਰੇ ਬਹੁ ਰੰਗੀ ਸਭ ਤੇ ਰਹੈ ਨਿਆਰਾ ॥੨॥ (537-10, ਬਿਹਾਗੜਾ, ਮਃ 9)
ਅਗਨਤ ਅਪਾਰੁ ਅਲਖ ਨਿਰੰਜਨ ਜਿਹ ਸਭ ਜਗੁ ਭਰਮਾਇਓ ॥ (537-11, ਬਿਹਾਗੜਾ, ਮਃ 9)
ਸਗਲ ਭਰਮ ਤਜਿ ਨਾਨਕ ਪ੍ਰਾਣੀ ਚਰਨਿ ਤਾਹਿ ਚਿਤੁ ਲਾਇਓ ॥੩॥੧॥੨॥ (537-12, ਬਿਹਾਗੜਾ, ਮਃ 9)

ਸੋਰਠਿ ਮਹਲਾ ੯ (631-10)
ੴ ਸਤਿਗੁਰ ਪ੍ਰਸਾਦਿ ॥ (631-10)
ਰੇ ਮਨ ਰਾਮ ਸਿਉ ਕਰਿ ਪ੍ਰੀਤਿ ॥ (631-11, ਸੋਰਠਿ, ਮਃ 9)
ਸ੍ਰਵਨ ਗੋਬਿੰਦ ਗੁਨੁ ਸੁਨਉ ਅਰੁ ਗਾਉ ਰਸਨਾ ਗੀਤਿ ॥੧॥ ਰਹਾਉ ॥ (631-11, ਸੋਰਠਿ, ਮਃ 9)
ਕਰਿ ਸਾਧਸੰਗਤਿ ਸਿਮਰੁ ਮਾਧੋ ਹੋਹਿ ਪਤਿਤ ਪੁਨੀਤ ॥ (631-11, ਸੋਰਠਿ, ਮਃ 9)
ਕਾਲੁ ਬਿਆਲੁ ਜਿਉ ਪਰਿਓ ਡੋਲੈ ਮੁਖੁ ਪਸਾਰੇ ਮੀਤ ॥੧॥ (631-12, ਸੋਰਠਿ, ਮਃ 9)
ਆਜੁ ਕਾਲਿ ਫੁਨਿ ਤੋਹਿ ਗ੍ਰਸਿ ਹੈ ਸਮਝਿ ਰਾਖਉ ਚੀਤਿ ॥ (631-13, ਸੋਰਠਿ, ਮਃ 9)
ਕਹੈ ਨਾਨਕੁ ਰਾਮੁ ਭਜਿ ਲੈ ਜਾਤੁ ਅਉਸਰੁ ਬੀਤ ॥੨॥੧॥ (631-13, ਸੋਰਠਿ, ਮਃ 9)
ਸੋਰਠਿ ਮਹਲਾ ੯ ॥ (631-14)
ਮਨ ਕੀ ਮਨ ਹੀ ਮਾਹਿ ਰਹੀ ॥ (631-14, ਸੋਰਠਿ, ਮਃ 9)
ਨਾ ਹਰਿ ਭਜੇ ਨ ਤੀਰਥ ਸੇਵੇ ਚੋਟੀ ਕਾਲਿ ਗਹੀ ॥੧॥ ਰਹਾਉ ॥ (631-14, ਸੋਰਠਿ, ਮਃ 9)
ਦਾਰਾ ਮੀਤ ਪੂਤ ਰਥ ਸੰਪਤਿ ਧਨ ਪੂਰਨ ਸਭ ਮਹੀ ॥ (631-15, ਸੋਰਠਿ, ਮਃ 9)
ਅਵਰ ਸਗਲ ਮਿਥਿਆ ਏ ਜਾਨਉ ਭਜਨੁ ਰਾਮੁ ਕੋ ਸਹੀ ॥੧॥ (631-15, ਸੋਰਠਿ, ਮਃ 9)
ਫਿਰਤ ਫਿਰਤ ਬਹੁਤੇ ਜੁਗ ਹਾਰਿਓ ਮਾਨਸ ਦੇਹ ਲਹੀ ॥ (631-16, ਸੋਰਠਿ, ਮਃ 9)
ਨਾਨਕ ਕਹਤ ਮਿਲਨ ਕੀ ਬਰੀਆ ਸਿਮਰਤ ਕਹਾ ਨਹੀ ॥੨॥੨॥ (631-16, ਸੋਰਠਿ, ਮਃ 9)
ਸੋਰਠਿ ਮਹਲਾ ੯ ॥ (631-17)
ਮਨ ਰੇ ਕਉਨੁ ਕੁਮਤਿ ਤੈ ਲੀਨੀ ॥ (631-17, ਸੋਰਠਿ, ਮਃ 9)
ਪਰ ਦਾਰਾ ਨਿੰਦਿਆ ਰਸ ਰਚਿਓ ਰਾਮ ਭਗਤਿ ਨਹਿ ਕੀਨੀ ॥੧॥ ਰਹਾਉ ॥ (631-17, ਸੋਰਠਿ, ਮਃ 9)
ਮੁਕਤਿ ਪੰਥੁ ਜਾਨਿਓ ਤੈ ਨਾਹਨਿ ਧਨ ਜੋਰਨ ਕਉ ਧਾਇਆ ॥ (631-18, ਸੋਰਠਿ, ਮਃ 9)
ਅੰਤਿ ਸੰਗ ਕਾਹੂ ਨਹੀ ਦੀਨਾ ਬਿਰਥਾ ਆਪੁ ਬੰਧਾਇਆ ॥੧॥ (632-1, ਸੋਰਠਿ, ਮਃ 9)
ਨਾ ਹਰਿ ਭਜਿਓ ਨ ਗੁਰ ਜਨੁ ਸੇਵਿਓ ਨਹ ਉਪਜਿਓ ਕਛੁ ਗਿਆਨਾ ॥ (632-1, ਸੋਰਠਿ, ਮਃ 9)
ਘਟ ਹੀ ਮਾਹਿ ਨਿਰੰਜਨੁ ਤੇਰੈ ਤੈ ਖੋਜਤ ਉਦਿਆਨਾ ॥੨॥ (632-2, ਸੋਰਠਿ, ਮਃ 9)
ਬਹੁਤੁ ਜਨਮ ਭਰਮਤ ਤੈ ਹਾਰਿਓ ਅਸਥਿਰ ਮਤਿ ਨਹੀ ਪਾਈ ॥ (632-2, ਸੋਰਠਿ, ਮਃ 9)
ਮਾਨਸ ਦੇਹ ਪਾਇ ਪਦ ਹਰਿ ਭਜੁ ਨਾਨਕ ਬਾਤ ਬਤਾਈ ॥੩॥੩॥ (632-3, ਸੋਰਠਿ, ਮਃ 9)
ਸੋਰਠਿ ਮਹਲਾ ੯ ॥ (632-4)
ਮਨ ਰੇ ਪ੍ਰਭ ਕੀ ਸਰਨਿ ਬਿਚਾਰੋ ॥ (632-4, ਸੋਰਠਿ, ਮਃ 9)
ਜਿਹ ਸਿਮਰਤ ਗਨਕਾ ਸੀ ਉਧਰੀ ਤਾ ਕੋ ਜਸੁ ਉਰ ਧਾਰੋ ॥੧॥ ਰਹਾਉ ॥ (632-4, ਸੋਰਠਿ, ਮਃ 9)
ਅਟਲ ਭਇਓ ਧ੍ਰੂਅ ਜਾ ਕੈ ਸਿਮਰਨਿ ਅਰੁ ਨਿਰਭੈ ਪਦੁ ਪਾਇਆ ॥ (632-5, ਸੋਰਠਿ, ਮਃ 9)
ਦੁਖ ਹਰਤਾ ਇਹ ਬਿਧਿ ਕੋ ਸੁਆਮੀ ਤੈ ਕਾਹੇ ਬਿਸਰਾਇਆ ॥੧॥ (632-5, ਸੋਰਠਿ, ਮਃ 9)
ਜਬ ਹੀ ਸਰਨਿ ਗਹੀ ਕਿਰਪਾ ਨਿਧਿ ਗਜ ਗਰਾਹ ਤੇ ਛੂਟਾ ॥ (632-6, ਸੋਰਠਿ, ਮਃ 9)
ਮਹਮਾ ਨਾਮ ਕਹਾ ਲਉ ਬਰਨਉ ਰਾਮ ਕਹਤ ਬੰਧਨ ਤਿਹ ਤੂਟਾ ॥੨॥ (632-7, ਸੋਰਠਿ, ਮਃ 9)
ਅਜਾਮਲੁ ਪਾਪੀ ਜਗੁ ਜਾਨੇ ਨਿਮਖ ਮਾਹਿ ਨਿਸਤਾਰਾ ॥ (632-7, ਸੋਰਠਿ, ਮਃ 9)
ਨਾਨਕ ਕਹਤ ਚੇਤ ਚਿੰਤਾਮਨਿ ਤੈ ਭੀ ਉਤਰਹਿ ਪਾਰਾ ॥੩॥੪॥ (632-8, ਸੋਰਠਿ, ਮਃ 9)
ਸੋਰਠਿ ਮਹਲਾ ੯ ॥ (632-8)
ਪ੍ਰਾਨੀ ਕਉਨੁ ਉਪਾਉ ਕਰੈ ॥ (632-9, ਸੋਰਠਿ, ਮਃ 9)
ਜਾ ਤੇ ਭਗਤਿ ਰਾਮ ਕੀ ਪਾਵੈ ਜਮ ਕੋ ਤ੍ਰਾਸੁ ਹਰੈ ॥੧॥ ਰਹਾਉ ॥ (632-9, ਸੋਰਠਿ, ਮਃ 9)

ਕਉਨੁ ਕਰਮ ਬਿਦਿਆ ਕਹੁ ਕੈਸੀ ਧਰਮੁ ਕਉਨੁ ਫੁਨਿ ਕਰਈ ॥ (632-9, ਸੋਰਠਿ, ਮਃ 9)
ਕਉਨੁ ਨਾਮੁ ਗੁਰ ਜਾ ਕੈ ਸਿਮਰੈ ਭਵ ਸਾਗਰ ਕਉ ਤਰਈ ॥੧॥ (632-10, ਸੋਰਠਿ, ਮਃ 9)
ਕਲ ਮੈ ਏਕੁ ਨਾਮੁ ਕਿਰਪਾ ਨਿਧਿ ਜਾਹਿ ਜਪੈ ਗਤਿ ਪਾਵੈ ॥ (632-11, ਸੋਰਠਿ, ਮਃ 9)
ਅਉਰ ਧਰਮ ਤਾ ਕੈ ਸਮ ਨਾਹਨਿ ਇਹ ਬਿਧਿ ਬੇਦੁ ਬਤਾਵੈ ॥੨॥ (632-11, ਸੋਰਠਿ, ਮਃ 9)
ਸੁਖੁ ਦੁਖੁ ਰਹਤ ਸਦਾ ਨਿਰਲੇਪੀ ਜਾ ਕਉ ਕਹਤ ਗੁਸਾਈ ॥ (632-12, ਸੋਰਠਿ, ਮਃ 9)
ਸੋ ਤੁਮ ਹੀ ਮਹਿ ਬਸੈ ਨਿਰੰਤਰਿ ਨਾਨਕ ਦਰਪਨਿ ਨਿਆਈ ॥੩॥੫॥ (632-12, ਸੋਰਠਿ, ਮਃ 9)
ਸੋਰਠਿ ਮਹਲਾ ੯ ॥ (632-13)
ਮਾਈ ਮੈ ਕਿਹਿ ਬਿਧਿ ਲਖਉ ਗੁਸਾਈ ॥ (632-13, ਸੋਰਠਿ, ਮਃ 9)
ਮਹਾ ਮੋਹ ਅਗਿਆਨਿ ਤਿਮਰਿ ਮੋ ਮਨੁ ਰਹਿਓ ਉਰਝਾਈ ॥੧॥ ਰਹਾਉ ॥ (632-13, ਸੋਰਠਿ, ਮਃ 9)
ਸਗਲ ਜਨਮ ਭਰਮ ਹੀ ਭਰਮ ਖੋਇਓ ਨਹ ਅਸਥਿਰੁ ਮਤਿ ਪਾਈ ॥ (632-14, ਸੋਰਠਿ, ਮਃ 9)
ਬਿਖਿਆਸਕਤ ਰਹਿਓ ਨਿਸ ਬਾਸੁਰ ਨਹ ਛੂਟੀ ਅਧਮਾਈ ॥੧॥ (632-15, ਸੋਰਠਿ, ਮਃ 9)
ਸਾਧਸੰਗੁ ਕਬਹੂ ਨਹੀ ਕੀਨਾ ਨਹ ਕੀਰਤਿ ਪ੍ਰਭ ਗਾਈ ॥ (632-15, ਸੋਰਠਿ, ਮਃ 9)
ਜਨ ਨਾਨਕ ਮੈ ਨਾਹਿ ਕੋਊ ਗੁਨੁ ਰਾਖਿ ਲੇਹੁ ਸਰਨਾਈ ॥੨॥੬॥ (632-16, ਸੋਰਠਿ, ਮਃ 9)
ਸੋਰਠਿ ਮਹਲਾ ੯ ॥ (632-17)
ਮਾਈ ਮਨੁ ਮੇਰੋ ਬਸਿ ਨਾਹਿ ॥ (632-17, ਸੋਰਠਿ, ਮਃ 9)
ਨਿਸ ਬਾਸੁਰ ਬਿਖਿਅਨ ਕਉ ਧਾਵਤ ਕਿਹਿ ਬਿਧਿ ਰੋਕਉ ਤਾਹਿ ॥੧॥ ਰਹਾਉ ॥ (632-17, ਸੋਰਠਿ, ਮਃ 9)
ਬੇਦ ਪੁਰਾਨ ਸਿਮ੍ਰਿਤਿ ਕੇ ਮਤ ਸੁਨਿ ਨਿਮਖ ਨ ਹੀਏ ਬਸਾਵੈ ॥ (632-18, ਸੋਰਠਿ, ਮਃ 9)
ਪਰ ਧਨ ਪਰ ਦਾਰਾ ਸਿਉ ਰਚਿਓ ਬਿਰਥਾ ਜਨਮੁ ਸਿਰਾਵੈ ॥੧॥ (632-18, ਸੋਰਠਿ, ਮਃ 9)
ਮਦਿ ਮਾਇਆ ਕੈ ਭਇਓ ਬਾਵਰੋ ਸੂਝਤ ਨਹ ਕਛੁ ਗਿਆਨਾ ॥ (632-19, ਸੋਰਠਿ, ਮਃ 9)
ਘਟ ਹੀ ਭੀਤਰਿ ਬਸਤ ਨਿਰੰਜਨੁ ਤਾ ਕੋ ਮਰਮੁ ਨ ਜਾਨਾ ॥੨॥ (632-19, ਸੋਰਠਿ, ਮਃ 9)
ਜਬ ਹੀ ਸਰਨਿ ਸਾਧ ਕੀ ਆਇਓ ਦੁਰਮਤਿ ਸਗਲ ਬਿਨਾਸੀ ॥ (633-1, ਸੋਰਠਿ, ਮਃ 9)
ਤਬ ਨਾਨਕ ਚੇਤਿਓ ਚਿੰਤਾਮਨਿ ਕਾਟੀ ਜਮ ਕੀ ਫਾਸੀ ॥੩॥੭॥ (633-2, ਸੋਰਠਿ, ਮਃ 9)
ਸੋਰਠਿ ਮਹਲਾ ੯ ॥ (633-2)
ਰੇ ਨਰ ਇਹ ਸਾਚੀ ਜੀਅ ਧਾਰਿ ॥ (633-2, ਸੋਰਠਿ, ਮਃ 9)
ਸਗਲ ਜਗਤੁ ਹੈ ਜੈਸੇ ਸੁਪਨਾ ਬਿਨਸਤ ਲਗਤ ਨ ਬਾਰ ॥੧॥ ਰਹਾਉ ॥ (633-3, ਸੋਰਠਿ, ਮਃ 9)
ਬਾਰੂ ਭੀਤਿ ਬਨਾਈ ਰਚਿ ਪਚਿ ਰਹਤ ਨਹੀ ਦਿਨ ਚਾਰਿ ॥ (633-3, ਸੋਰਠਿ, ਮਃ 9)
ਤੈਸੇ ਹੀ ਇਹ ਸੁਖ ਮਾਇਆ ਕੇ ਉਰਝਿਓ ਕਹਾ ਗਵਾਰ ॥੧॥ (633-4, ਸੋਰਠਿ, ਮਃ 9)
ਅਜਹੂ ਸਮਝਿ ਕਛੁ ਬਿਗਰਿਓ ਨਾਹਿਨਿ ਭਜਿ ਲੇ ਨਾਮੁ ਮੁਰਾਰਿ ॥ (633-5, ਸੋਰਠਿ, ਮਃ 9)
ਕਹੁ ਨਾਨਕ ਨਿਜ ਮਤੁ ਸਾਧਨ ਕਉ ਭਾਖਿਓ ਤੋਹਿ ਪੁਕਾਰਿ ॥੨॥੮॥ (633-5, ਸੋਰਠਿ, ਮਃ 9)
ਸੋਰਠਿ ਮਹਲਾ ੯ ॥ (633-6)
ਇਹ ਜਗਿ ਮੀਤੁ ਨ ਦੇਖਿਓ ਕੋਈ ॥ (633-6, ਸੋਰਠਿ, ਮਃ 9)
ਸਗਲ ਜਗਤੁ ਅਪਨੈ ਸੁਖਿ ਲਾਗਿਓ ਦੁਖ ਮੈ ਸੰਗਿ ਨ ਹੋਈ ॥੧॥ ਰਹਾਉ ॥ (633-6, ਸੋਰਠਿ, ਮਃ 9)
ਦਾਰਾ ਮੀਤ ਪੂਤ ਸਨਬੰਧੀ ਸਗਰੇ ਧਨ ਸਿਉ ਲਾਗੇ ॥ (633-7, ਸੋਰਠਿ, ਮਃ 9)
ਜਬ ਹੀ ਨਿਰਧਨ ਦੇਖਿਓ ਨਰ ਕਉ ਸੰਗੁ ਛਾਡਿ ਸਭ ਭਾਗੇ ॥੧॥ (633-7, ਸੋਰਠਿ, ਮਃ 9)
ਕਹਂਉ ਕਹਾ ਯਿਆ ਮਨ ਬਉਰੇ ਕਉ ਇਨ ਸਿਉ ਨੇਹੁ ਲਗਾਇਓ ॥ (633-8, ਸੋਰਠਿ, ਮਃ 9)
ਦੀਨਾ ਨਾਥ ਸਕਲ ਭੈ ਭੰਜਨ ਜਸੁ ਤਾ ਕੋ ਬਿਸਰਾਇਓ ॥੨॥ (633-9, ਸੋਰਠਿ, ਮਃ 9)

ਸੁਆਨ ਪੂਛ ਜਿਉ ਭਇਓ ਨ ਸੂਧਉ ਬਹੁਤੁ ਜਤਨੁ ਮੈ ਕੀਨਉ ॥ (633-9, ਸੋਰਠਿ, ਮਃ 9)
ਨਾਨਕ ਲਾਜ ਬਿਰਦ ਕੀ ਰਾਖਹੁ ਨਾਮੁ ਤੁਹਾਰਉ ਲੀਨਉ ॥੩॥੯॥ (633-10, ਸੋਰਠਿ, ਮਃ 9)
ਸੋਰਠਿ ਮਹਲਾ ੯ ॥ (633-11)
ਮਨ ਰੇ ਗਹਿਓ ਨ ਗੁਰ ਉਪਦੇਸੁ ॥ (633-11, ਸੋਰਠਿ, ਮਃ 9)
ਕਹਾ ਭਇਓ ਜਉ ਮੂਡੁ ਮੁਡਾਇਓ ਭਗਵਉ ਕੀਨੋ ਭੇਸੁ ॥੧॥ ਰਹਾਉ ॥ (633-11, ਸੋਰਠਿ, ਮਃ 9)
ਸਾਚ ਛਾਡਿ ਕੈ ਝੂਠਹ ਲਾਗਿਓ ਜਨਮੁ ਅਕਾਰਥੁ ਖੋਇਓ ॥ (633-12, ਸੋਰਠਿ, ਮਃ 9)
ਕਰਿ ਪਰਪੰਚ ਉਦਰ ਨਿਜ ਪੋਖਿਓ ਪਸੁ ਕੀ ਨਿਆਈ ਸੋਇਓ ॥੧॥ (633-12, ਸੋਰਠਿ, ਮਃ 9)
ਰਾਮ ਭਜਨ ਕੀ ਗਤਿ ਨਹੀ ਜਾਨੀ ਮਾਇਆ ਹਾਥਿ ਬਿਕਾਨਾ ॥ (633-13, ਸੋਰਠਿ, ਮਃ 9)
ਉਰਝਿ ਰਹਿਓ ਬਿਖਿਅਨ ਸੰਗਿ ਬਉਰਾ ਨਾਮੁ ਰਤਨੁ ਬਿਸਰਾਨਾ ॥੨॥ (633-13, ਸੋਰਠਿ, ਮਃ 9)
ਰਹਿਓ ਅਚੇਤੁ ਨ ਚੇਤਿਓ ਗੋਬਿੰਦ ਬਿਰਥਾ ਅਉਧ ਸਿਰਾਨੀ ॥ (633-14, ਸੋਰਠਿ, ਮਃ 9)
ਕਹੁ ਨਾਨਕ ਹਰਿ ਬਿਰਦੁ ਪਛਾਨਉ ਭੂਲੇ ਸਦਾ ਪਰਾਨੀ ॥੩॥੧੦॥ (633-15, ਸੋਰਠਿ, ਮਃ 9)
ਸੋਰਠਿ ਮਹਲਾ ੯ ॥ (633-15)
ਜੋ ਨਰੁ ਦੁਖ ਮੈ ਦੁਖੁ ਨਹੀ ਮਾਨੈ ॥ (633-15, ਸੋਰਠਿ, ਮਃ 9)
ਸੁਖ ਸਨੇਹੁ ਅਰੁ ਭੈ ਨਹੀ ਜਾ ਕੈ ਕੰਚਨ ਮਾਟੀ ਮਾਨੈ ॥੧॥ ਰਹਾਉ ॥ (633-16, ਸੋਰਠਿ, ਮਃ 9)
ਨਹ ਨਿੰਦਿਆ ਨਹ ਉਸਤਤਿ ਜਾ ਕੈ ਲੋਭੁ ਮੋਹੁ ਅਭਿਮਾਨਾ ॥ (633-16, ਸੋਰਠਿ, ਮਃ 9)
ਹਰਖ ਸੋਗ ਤੇ ਰਹੈ ਨਿਆਰਉ ਨਾਹਿ ਮਾਨ ਅਪਮਾਨਾ ॥੧॥ (633-17, ਸੋਰਠਿ, ਮਃ 9)
ਆਸਾ ਮਨਸਾ ਸਗਲ ਤਿਆਗੈ ਜਗ ਤੇ ਰਹੈ ਨਿਰਾਸਾ ॥ (633-17, ਸੋਰਠਿ, ਮਃ 9)
ਕਾਮੁ ਕ੍ਰੋਧੁ ਜਿਹ ਪਰਸੈ ਨਾਹਨਿ ਤਿਹ ਘਟਿ ਬ੍ਰਹਮੁ ਨਿਵਾਸਾ ॥੨॥ (633-18, ਸੋਰਠਿ, ਮਃ 9)
ਗੁਰ ਕਿਰਪਾ ਜਿਹ ਨਰ ਕਉ ਕੀਨੀ ਤਿਹ ਇਹ ਜੁਗਤਿ ਪਛਾਨੀ ॥ (633-19, ਸੋਰਠਿ, ਮਃ 9)
ਨਾਨਕ ਲੀਨ ਭਇਓ ਗੋਬਿੰਦ ਸਿਉ ਜਿਉ ਪਾਨੀ ਸੰਗਿ ਪਾਨੀ ॥੩॥੧੧॥ (633-19, ਸੋਰਠਿ, ਮਃ 9)
ਸੋਰਠਿ ਮਹਲਾ ੯ ॥ (634-1)
ਪ੍ਰੀਤਮ ਜਾਨਿ ਲੇਹੁ ਮਨ ਮਾਹੀ ॥ (634-1, ਸੋਰਠਿ, ਮਃ 9)
ਅਪਨੇ ਸੁਖ ਸਿਉ ਹੀ ਜਗੁ ਫਾਂਧਿਓ ਕੋ ਕਾਹੂ ਕੋ ਨਾਹੀ ॥੧॥ ਰਹਾਉ ॥ (634-1, ਸੋਰਠਿ, ਮਃ 9)
ਸੁਖ ਮੈ ਆਨਿ ਬਹੁਤੁ ਮਿਲਿ ਬੈਠਤ ਰਹਤ ਚਹੂ ਦਿਸਿ ਘੇਰੈ ॥ (634-2, ਸੋਰਠਿ, ਮਃ 9)
ਬਿਪਤਿ ਪਰੀ ਸਭ ਹੀ ਸੰਗੁ ਛਾਡਿਤ ਕੋਊ ਨ ਆਵਤ ਨੇਰੈ ॥੧॥ (634-3, ਸੋਰਠਿ, ਮਃ 9)
ਘਰ ਕੀ ਨਾਰਿ ਬਹੁਤੁ ਹਿਤੁ ਜਾ ਸਿਉ ਸਦਾ ਰਹਤ ਸੰਗ ਲਾਗੀ ॥ (634-3, ਸੋਰਠਿ, ਮਃ 9)
ਜਬ ਹੀ ਹੰਸ ਤਜੀ ਇਹ ਕਾਂਇਆ ਪ੍ਰੇਤ ਪ੍ਰੇਤ ਕਰਿ ਭਾਗੀ ॥੨॥ (634-4, ਸੋਰਠਿ, ਮਃ 9)
ਇਹ ਬਿਧਿ ਕੋ ਬਿਉਹਾਰੁ ਬਨਿਓ ਹੈ ਜਾ ਸਿਉ ਨੇਹੁ ਲਗਾਇਓ ॥ (634-4, ਸੋਰਠਿ, ਮਃ 9)
ਅੰਤ ਬਾਰ ਨਾਨਕ ਬਿਨੁ ਹਰਿ ਜੀ ਕੋਊ ਕਾਮਿ ਨ ਆਇਓ ॥੩॥੧੨॥੧੩੯॥ (634-5, ਸੋਰਠਿ, ਮਃ 9)
ੴ ਸਤਿਗੁਰ ਪ੍ਰਸਾਦਿ ॥ (684-13)
ਧਨਾਸਰੀ ਮਹਲਾ ੯ ॥ (684-14)
ਕਾਹੇ ਰੇ ਬਨ ਖੋਜਨ ਜਾਈ ॥ (684-14, ਧਨਾਸਰੀ, ਮਃ 9)
ਸਰਬ ਨਿਵਾਸੀ ਸਦਾ ਅਲੇਪਾ ਤੋਹੀ ਸੰਗਿ ਸਮਾਈ ॥੧॥ ਰਹਾਉ ॥ (684-14, ਧਨਾਸਰੀ, ਮਃ 9)
ਪੁਹਪ ਮਧਿ ਜਿਉ ਬਾਸੁ ਬਸਤੁ ਹੈ ਮੁਕਰ ਮਾਹਿ ਜੈਸੇ ਛਾਈ ॥ (684-15, ਧਨਾਸਰੀ, ਮਃ 9)
ਤੈਸੇ ਹੀ ਹਰਿ ਬਸੇ ਨਿਰੰਤਰਿ ਘਟ ਹੀ ਖੋਜਹੁ ਭਾਈ ॥੧॥ (684-15, ਧਨਾਸਰੀ, ਮਃ 9)
ਬਾਹਰਿ ਭੀਤਰਿ ਏਕੋ ਜਾਨਹੁ ਇਹੁ ਗੁਰ ਗਿਆਨੁ ਬਤਾਈ ॥ (684-16, ਧਨਾਸਰੀ, ਮਃ 9)

ਜਨ ਨਾਨਕ ਬਿਨੁ ਆਪਾ ਚੀਨੈ ਮਿਟੈ ਨ ਭ੍ਰਮ ਕੀ ਕਾਈ ॥੨॥੧॥ (684-16, ਧਨਾਸਰੀ, ਮ: 9)
ਧਨਾਸਰੀ ਮਹਲਾ ੯ ॥ (684-17)
ਸਾਧੋ ਇਹੁ ਜਗੁ ਭਰਮ ਭੁਲਾਨਾ ॥ (684-17, ਧਨਾਸਰੀ, ਮ: 9)
ਰਾਮ ਨਾਮ ਕਾ ਸਿਮਰਨੁ ਛੋਡਿਆ ਮਾਇਆ ਹਾਥਿ ਬਿਕਾਨਾ ॥੧॥ ਰਹਾਉ ॥ (684-17, ਧਨਾਸਰੀ, ਮ: 9)
ਮਾਤ ਪਿਤਾ ਭਾਈ ਸੁਤ ਬਨਿਤਾ ਤਾ ਕੈ ਰਸਿ ਲਪਟਾਨਾ ॥ (684-18, ਧਨਾਸਰੀ, ਮ: 9)
ਜੋਬਨੁ ਧਨੁ ਪ੍ਰਭਤਾ ਕੈ ਮਦ ਮੈ ਅਹਿਨਿਸਿ ਰਹੈ ਦਿਵਾਨਾ ॥੧॥ (685-1, ਧਨਾਸਰੀ, ਮ: 9)
ਦੀਨ ਦਇਆਲ ਸਦਾ ਦੁਖ ਭੰਜਨ ਤਾ ਸਿਉ ਮਨੁ ਨ ਲਗਾਨਾ ॥ (685-1, ਧਨਾਸਰੀ, ਮ: 9)
ਜਨ ਨਾਨਕ ਕੋਟਨ ਮੈ ਕਿਨਹੂ ਗੁਰਮੁਖਿ ਹੋਇ ਪਛਾਨਾ ॥੨॥੨॥ (685-2, ਧਨਾਸਰੀ, ਮ: 9)
ਧਨਾਸਰੀ ਮਹਲਾ ੯ ॥ (685-3)
ਤਿਹ ਜੋਗੀ ਕਉ ਜੁਗਤਿ ਨ ਜਾਨਉ ॥ (685-3, ਧਨਾਸਰੀ, ਮ: 9)
ਲੋਭ ਮੋਹ ਮਾਇਆ ਮਮਤਾ ਫੁਨਿ ਜਿਹ ਘਟਿ ਮਾਹਿ ਪਛਾਨਉ ॥੧॥ ਰਹਾਉ ॥ (685-3, ਧਨਾਸਰੀ, ਮ: 9)
ਪਰ ਨਿੰਦਾ ਉਸਤਤਿ ਨਹ ਜਾ ਕੈ ਕੰਚਨ ਲੋਹ ਸਮਾਨੋ ॥ (685-4, ਧਨਾਸਰੀ, ਮ: 9)
ਹਰਖ ਸੋਗ ਤੇ ਰਹੈ ਅਤੀਤਾ ਜੋਗੀ ਤਾਹਿ ਬਖਾਨੋ ॥੧॥ (685-4, ਧਨਾਸਰੀ, ਮ: 9)
ਚੰਚਲ ਮਨੁ ਦਹ ਦਿਸਿ ਕਉ ਧਾਵਤ ਅਚਲ ਜਾਹਿ ਠਹਰਾਨੋ ॥ (685-5, ਧਨਾਸਰੀ, ਮ: 9)
ਕਹੁ ਨਾਨਕ ਇਹ ਬਿਧਿ ਕੋ ਜੋ ਨਰੁ ਮੁਕਤਿ ਤਾਹਿ ਤੁਮ ਮਾਨੋ ॥੨॥੩॥ (685-5, ਧਨਾਸਰੀ, ਮ: 9)
ਧਨਾਸਰੀ ਮਹਲਾ ੯ ॥ (685-6)
ਅਬ ਮੈ ਕਉਨੁ ਉਪਾਉ ਕਰਉ ॥ (685-6, ਧਨਾਸਰੀ, ਮ: 9)
ਜਿਹ ਬਿਧਿ ਮਨ ਕੋ ਸੰਸਾ ਚੂਕੈ ਭਉ ਨਿਧਿ ਪਾਰਿ ਪਰਉ ॥੧॥ ਰਹਾਉ ॥ (685-7, ਧਨਾਸਰੀ, ਮ: 9)
ਜਨਮੁ ਪਾਇ ਕਛੁ ਭਲੋ ਨ ਕੀਨੋ ਤਾ ਤੇ ਅਧਿਕ ਡਰਉ ॥ (685-7, ਧਨਾਸਰੀ, ਮ: 9)
ਮਨ ਬਚ ਕ੍ਰਮ ਹਰਿ ਗੁਨ ਨਹੀ ਗਾਏ ਯਹ ਜੀਅ ਸੋਚ ਧਰਉ ॥੧॥ (685-8, ਧਨਾਸਰੀ, ਮ: 9)
ਗੁਰਮਤਿ ਸੁਨਿ ਕਛੁ ਗਿਆਨੁ ਨ ਉਪਜਿਓ ਪਸੁ ਜਿਉ ਉਦਰੁ ਭਰਉ ॥ (685-8, ਧਨਾਸਰੀ, ਮ: 9)
ਕਹੁ ਨਾਨਕ ਪ੍ਰਭ ਬਿਰਦੁ ਪਛਾਨਉ ਤਬ ਹਉ ਪਤਿਤ ਤਰਉ ॥੨॥੪॥੯॥੯॥੧੩॥੫੮॥੪॥੯੩॥ (685-9, ਧਨਾਸਰੀ, ਮ: 9)
ਜੈਤਸਰੀ ਮਹਲਾ ੯ (702-17)
ੴ ਸਤਿਗੁਰ ਪ੍ਰਸਾਦਿ ॥ (702-17)
ਭੂਲਿਓ ਮਨੁ ਮਾਇਆ ਉਰਝਾਇਓ ॥ (702-18, ਜੈਤਸਰੀ, ਮ: 9)
ਜੋ ਜੋ ਕਰਮ ਕੀਓ ਲਾਲਚ ਲਗਿ ਤਿਹ ਤਿਹ ਆਪੁ ਬੰਧਾਇਓ ॥੧॥ ਰਹਾਉ ॥ (702-18, ਜੈਤਸਰੀ, ਮ: 9)
ਸਮਝ ਨ ਪਰੀ ਬਿਖੈ ਰਸ ਰਚਿਓ ਜਸੁ ਹਰਿ ਕੋ ਬਿਸਰਾਇਓ ॥ (702-19, ਜੈਤਸਰੀ, ਮ: 9)
ਸੰਗਿ ਸੁਆਮੀ ਸੋ ਜਾਨਿਓ ਨਾਹਿਨ ਬਨੁ ਖੋਜਨ ਕਉ ਧਾਇਓ ॥੧॥ (702-19, ਜੈਤਸਰੀ, ਮ: 9)
ਰਤਨੁ ਰਾਮੁ ਘਟ ਹੀ ਕੇ ਭੀਤਰਿ ਤਾ ਕੋ ਗਿਆਨੁ ਨ ਪਾਇਓ ॥ (703-1, ਜੈਤਸਰੀ, ਮ: 9)
ਜਨ ਨਾਨਕ ਭਗਵੰਤ ਭਜਨ ਬਿਨੁ ਬਿਰਥਾ ਜਨਮੁ ਗਵਾਇਓ ॥੨॥੧॥ (703-1, ਜੈਤਸਰੀ, ਮ: 9)
ਜੈਤਸਰੀ ਮਹਲਾ ੯ ॥ (703-2)
ਹਰਿ ਜੂ ਰਾਖਿ ਲੇਹੁ ਪਤਿ ਮੇਰੀ ॥ (703-2, ਜੈਤਸਰੀ, ਮ: 9)
ਜਮ ਕੋ ਤ੍ਰਾਸ ਭਇਓ ਉਰ ਅੰਤਰਿ ਸਰਨਿ ਗਹੀ ਕਿਰਪਾ ਨਿਧਿ ਤੇਰੀ ॥੧॥ ਰਹਾਉ ॥ (703-2, ਜੈਤਸਰੀ, ਮ: 9)
ਮਹਾ ਪਤਿਤ ਮੁਗਧ ਲੋਭੀ ਫੁਨਿ ਕਰਤ ਪਾਪ ਅਬ ਹਾਰਾ ॥ (703-3, ਜੈਤਸਰੀ, ਮ: 9)
ਭੈ ਮਰਬੇ ਕੋ ਬਿਸਰਤ ਨਾਹਿਨ ਤਿਹ ਚਿੰਤਾ ਤਨੁ ਜਾਰਾ ॥੧॥ (703-4, ਜੈਤਸਰੀ, ਮ: 9)

ਕੀਏ ਉਪਾਵ ਮੁਕਤਿ ਕੇ ਕਾਰਨਿ ਦਹ ਦਿਸਿ ਕਉ ਉਠਿ ਧਾਇਆ ॥ (703-4, ਜੈਤਸਰੀ, ਮਃ 9)
ਘਟ ਹੀ ਭੀਤਰਿ ਬਸੈ ਨਿਰੰਜਨੁ ਤਾ ਕੋ ਮਰਮੁ ਨ ਪਾਇਆ ॥੨॥ (703-5, ਜੈਤਸਰੀ, ਮਃ 9)
ਨਾਹਿਨ ਗੁਨੁ ਨਾਹਿਨ ਕਛੁ ਜਪੁ ਤਪੁ ਕਉਨੁ ਕਰਮੁ ਅਬ ਕੀਜੈ ॥ (703-5, ਜੈਤਸਰੀ, ਮਃ 9)
ਨਾਨਕ ਹਾਰਿ ਪਰਿਓ ਸਰਨਾਗਤਿ ਅਭੈ ਦਾਨੁ ਪ੍ਰਭ ਦੀਜੈ ॥੩॥੨॥ (703-6, ਜੈਤਸਰੀ, ਮਃ 9)
ਜੈਤਸਰੀ ਮਹਲਾ ੯ ॥ (703-7)
ਮਨ ਰੇ ਸਾਚਾ ਗਹੋ ਬਿਚਾਰਾ ॥ (703-7, ਜੈਤਸਰੀ, ਮਃ 9)
ਰਾਮ ਨਾਮ ਬਿਨੁ ਮਿਥਿਆ ਮਾਨੋ ਸਗਰੋ ਇਹੁ ਸੰਸਾਰਾ ॥੧॥ ਰਹਾਉ ॥ (703-7, ਜੈਤਸਰੀ, ਮਃ 9)
ਜਾ ਕਉ ਜੋਗੀ ਖੋਜਤ ਹਾਰੇ ਪਾਇਓ ਨਾਹਿ ਤਿਹ ਪਾਰਾ ॥ (703-8, ਜੈਤਸਰੀ, ਮਃ 9)
ਸੋ ਸੁਆਮੀ ਤੁਮ ਨਿਕਟਿ ਪਛਾਨੋ ਰੂਪ ਰੇਖ ਤੇ ਨਿਆਰਾ ॥੧॥ (703-8, ਜੈਤਸਰੀ, ਮਃ 9)
ਪਾਵਨ ਨਾਮੁ ਜਗਤ ਮੈ ਹਰਿ ਕੋ ਕਬਹੂ ਨਾਹਿ ਸੰਭਾਰਾ ॥ (703-9, ਜੈਤਸਰੀ, ਮਃ 9)
ਨਾਨਕ ਸਰਨਿ ਪਰਿਓ ਜਗ ਬੰਦਨ ਰਾਖਹੁ ਬਿਰਦੁ ਤੁਹਾਰਾ ॥੨॥੩॥ (703-9, ਜੈਤਸਰੀ, ਮਃ 9)
ਟੋਡੀ ਮਹਲਾ ੯ (718-5)
ੴ ਸਤਿਗੁਰ ਪ੍ਰਸਾਦਿ ॥ (718-6)
ਕਹਉ ਕਹਾ ਅਪਨੀ ਅਧਮਾਈ ॥ (718-6, ਟੋਡੀ, ਮਃ 9)
ਉਰਝਿਓ ਕਨਕ ਕਾਮਨੀ ਕੇ ਰਸ ਨਹ ਕੀਰਤਿ ਪ੍ਰਭ ਗਾਈ ॥੧॥ ਰਹਾਉ ॥ (718-6, ਟੋਡੀ, ਮਃ 9)
ਜਗ ਝੂਠੇ ਕਉ ਸਾਚੁ ਜਾਨਿ ਕੈ ਤਾ ਸਿਉ ਰੁਚ ਉਪਜਾਈ ॥ (718-7, ਟੋਡੀ, ਮਃ 9)
ਦੀਨ ਬੰਧ ਸਿਮਰਿਓ ਨਹੀ ਕਬਹੂ ਹੋਤ ਜੁ ਸੰਗਿ ਸਹਾਈ ॥੧॥ (718-7, ਟੋਡੀ, ਮਃ 9)
ਮਗਨ ਰਹਿਓ ਮਾਇਆ ਮੈ ਨਿਸ ਦਿਨਿ ਛੁਟੀ ਨ ਮਨ ਕੀ ਕਾਈ ॥ (718-8, ਟੋਡੀ, ਮਃ 9)
ਕਹਿ ਨਾਨਕ ਅਬ ਨਾਹਿ ਅਨਤ ਗਤਿ ਬਿਨੁ ਹਰਿ ਕੀ ਸਰਨਾਈ ॥੨॥੧॥੩੧॥ (718-8, ਟੋਡੀ, ਮਃ 9)
ਤਿਲੰਗ ਮਹਲਾ ੯ ਕਾਫੀ (726-14)
ੴ ਸਤਿਗੁਰ ਪ੍ਰਸਾਦਿ ॥ (726-15)
ਚੇਤਨਾ ਹੈ ਤਉ ਚੇਤ ਲੈ ਨਿਸਿ ਦਿਨਿ ਮੈ ਪ੍ਰਾਨੀ ॥ (726-15, ਤਿਲੰਗ, ਮਃ 9)
ਛਿਨੁ ਛਿਨੁ ਅਉਧ ਬਿਹਾਤੁ ਹੈ ਫੂਟੈ ਘਟ ਜਿਉ ਪਾਨੀ ॥੧॥ ਰਹਾਉ ॥ (726-15, ਤਿਲੰਗ, ਮਃ 9)
ਹਰਿ ਗੁਨ ਕਾਹਿ ਨ ਗਾਵਹੀ ਮੂਰਖ ਅਗਿਆਨਾ ॥ (726-16, ਤਿਲੰਗ, ਮਃ 9)
ਝੂਠੈ ਲਾਲਚਿ ਲਾਗਿ ਕੈ ਨਹਿ ਮਰਨੁ ਪਛਾਨਾ ॥੧॥ (726-16, ਤਿਲੰਗ, ਮਃ 9)
ਅਜਹੂ ਕਛੁ ਬਿਗਰਿਓ ਨਹੀ ਜੋ ਪ੍ਰਭ ਗੁਨ ਗਾਵੈ ॥ (726-17, ਤਿਲੰਗ, ਮਃ 9)
ਕਹੁ ਨਾਨਕ ਤਿਹ ਭਜਨ ਤੇ ਨਿਰਭੈ ਪਦੁ ਪਾਵੈ ॥੨॥੧॥ (726-17, ਤਿਲੰਗ, ਮਃ 9)
ਤਿਲੰਗ ਮਹਲਾ ੯ ॥ (726-18)
ਜਾਗ ਲੇਹੁ ਰੇ ਮਨਾ ਜਾਗ ਲੇਹੁ ਕਹਾ ਗਾਫਲ ਸੋਇਆ ॥ (726-18, ਤਿਲੰਗ, ਮਃ 9)
ਜੋ ਤਨੁ ਉਪਜਿਆ ਸੰਗ ਹੀ ਸੋ ਭੀ ਸੰਗਿ ਨ ਹੋਇਆ ॥੧॥ ਰਹਾਉ ॥ (726-18, ਤਿਲੰਗ, ਮਃ 9)
ਮਾਤ ਪਿਤਾ ਸੁਤ ਬੰਧ ਜਨ ਹਿਤੁ ਜਾ ਸਿਉ ਕੀਨਾ ॥ (726-19, ਤਿਲੰਗ, ਮਃ 9)
ਜੀਉ ਛੂਟਿਓ ਜਬ ਦੇਹ ਤੇ ਡਾਰਿ ਅਗਨਿ ਮੈ ਦੀਨਾ ॥੧॥ (726-19, ਤਿਲੰਗ, ਮਃ 9)
ਜੀਵਤ ਲਉ ਬਿਉਹਾਰੁ ਹੈ ਜਗ ਕਉ ਤੁਮ ਜਾਨਉ ॥ (727-1, ਤਿਲੰਗ, ਮਃ 9)
ਨਾਨਕ ਹਰਿ ਗੁਨ ਗਾਇ ਲੈ ਸਭ ਸੁਫਨ ਸਮਾਨਉ ॥੨॥੨॥ (727-1, ਤਿਲੰਗ, ਮਃ 9)
ਤਿਲੰਗ ਮਹਲਾ ੯ ॥ (727-2)
ਹਰਿ ਜਸੁ ਰੇ ਮਨਾ ਗਾਇ ਲੈ ਜੋ ਸੰਗੀ ਹੈ ਤੇਰੋ ॥ (727-2, ਤਿਲੰਗ, ਮਃ 9)

ਅਉਸਰੁ ਬੀਤਿਓ ਜਾਤੁ ਹੈ ਕਹਿਓ ਮਾਨ ਲੈ ਮੇਰੋ ॥੧॥ ਰਹਾਉ ॥ (727-2, ਤਿਲੰਗ, ਮਃ 9)
ਸੰਪਤਿ ਰਥ ਧਨ ਰਾਜ ਸਿਉ ਅਤਿ ਨੇਹੁ ਲਗਾਇਓ ॥ (727-3, ਤਿਲੰਗ, ਮਃ 9)
ਕਾਲ ਫਾਸ ਜਬ ਗਲਿ ਪਰੀ ਸਭ ਭਇਓ ਪਰਾਇਓ ॥੧॥ (727-4, ਤਿਲੰਗ, ਮਃ 9)
ਜਾਨਿ ਬੂਝ ਕੈ ਬਾਵਰੇ ਤੈ ਕਾਜੁ ਬਿਗਾਰਿਓ ॥ (727-4, ਤਿਲੰਗ, ਮਃ 9)
ਪਾਪ ਕਰਤ ਸੁਕਚਿਓ ਨਹੀ ਨਹ ਗਰਬੁ ਨਿਵਾਰਿਓ ॥੨॥ (727-4, ਤਿਲੰਗ, ਮਃ 9)
ਜਿਹ ਬਿਧਿ ਗੁਰ ਉਪਦੇਸਿਆ ਸੋ ਸੁਨੁ ਰੇ ਭਾਈ ॥ (727-5, ਤਿਲੰਗ, ਮਃ 9)
ਨਾਨਕ ਕਹਤ ਪੁਕਾਰਿ ਕੈ ਗਹੁ ਪ੍ਰਭ ਸਰਨਾਈ ॥੩॥੩॥ (727-5, ਤਿਲੰਗ, ਮਃ 9)
ਰਾਗੁ ਬਿਲਾਵਲੁ ਮਹਲਾ ੯ ਦੁਪਦੇ (830-14)
ੴ ਸਤਿਗੁਰ ਪ੍ਰਸਾਦਿ ॥ (830-14)
ਦੁਖ ਹਰਤਾ ਹਰਿ ਨਾਮੁ ਪਛਾਨੋ ॥ (830-15, ਬਿਲਾਵਲੁ, ਮਃ 9)
ਅਜਾਮਲੁ ਗਨਿਕਾ ਜਿਹ ਸਿਮਰਤ ਮੁਕਤ ਭਏ ਜੀਅ ਜਾਨੋ ॥੧॥ ਰਹਾਉ ॥ (830-15, ਬਿਲਾਵਲੁ, ਮਃ 9)
ਗਜ ਕੀ ਤ੍ਰਾਸ ਮਿਟੀ ਛਿਨਹੂ ਮਹਿ ਜਬ ਹੀ ਰਾਮੁ ਬਖਾਨੋ ॥ (830-16, ਬਿਲਾਵਲੁ, ਮਃ 9)
ਨਾਰਦ ਕਹਤ ਸੁਨਤ ਧ੍ਰੂਅ ਬਾਰਿਕ ਭਜਨ ਮਾਹਿ ਲਪਟਾਨੋ ॥੧॥ (830-16, ਬਿਲਾਵਲੁ, ਮਃ 9)
ਅਚਲ ਅਮਰ ਨਿਰਭੈ ਪਦੁ ਪਾਇਓ ਜਗਤ ਜਾਹਿ ਹੈਰਾਨੋ ॥ (830-17, ਬਿਲਾਵਲੁ, ਮਃ 9)
ਨਾਨਕ ਕਹਤ ਭਗਤ ਰਛਕ ਹਰਿ ਨਿਕਟਿ ਤਾਹਿ ਤੁਮ ਮਾਨੋ ॥੨॥੧॥ (830-17, ਬਿਲਾਵਲੁ, ਮਃ 9)
ਬਿਲਾਵਲੁ ਮਹਲਾ ੯ ॥ (830-18)
ਹਰਿ ਕੇ ਨਾਮ ਬਿਨਾ ਦੁਖੁ ਪਾਵੈ ॥ (830-18, ਬਿਲਾਵਲੁ, ਮਃ 9)
ਭਗਤਿ ਬਿਨਾ ਸਹਸਾ ਨਹ ਚੂਕੈ ਗੁਰੁ ਇਹੁ ਭੇਦੁ ਬਤਾਵੈ ॥੧॥ ਰਹਾਉ ॥ (830-18, ਬਿਲਾਵਲੁ, ਮਃ 9)
ਕਹਾ ਭਇਓ ਤੀਰਥ ਬ੍ਰਤ ਕੀਏ ਰਾਮ ਸਰਨਿ ਨਹੀ ਆਵੈ ॥ (830-19, ਬਿਲਾਵਲੁ, ਮਃ 9)
ਜੋਗ ਜਗ ਨਿਹਫਲ ਤਿਹ ਮਾਨਉ ਜੋ ਪ੍ਰਭ ਜਸੁ ਬਿਸਰਾਵੈ ॥੧॥ (831-1, ਬਿਲਾਵਲੁ, ਮਃ 9)
ਮਾਨ ਮੋਹ ਦੋਨੋ ਕਉ ਪਰਹਰਿ ਗੋਬਿੰਦ ਕੇ ਗੁਨ ਗਾਵੈ ॥ (831-1, ਬਿਲਾਵਲੁ, ਮਃ 9)
ਕਹੁ ਨਾਨਕ ਇਹ ਬਿਧਿ ਕੋ ਪ੍ਰਾਨੀ ਜੀਵਨ ਮੁਕਤਿ ਕਹਾਵੈ ॥੨॥੨॥ (831-2, ਬਿਲਾਵਲੁ, ਮਃ 9)
ਬਿਲਾਵਲੁ ਮਹਲਾ ੯ ॥ (831-2)
ਜਾ ਮੈ ਭਜਨੁ ਰਾਮ ਕੋ ਨਾਹੀ ॥ (831-2, ਬਿਲਾਵਲੁ, ਮਃ 9)
ਤਿਹ ਨਰ ਜਨਮੁ ਅਕਾਰਥੁ ਖੋਇਆ ਯਹ ਰਾਖਹੁ ਮਨ ਮਾਹੀ ॥੧॥ ਰਹਾਉ ॥ (831-3, ਬਿਲਾਵਲੁ, ਮਃ 9)
ਤੀਰਥ ਕਰੈ ਬ੍ਰਤ ਫੁਨਿ ਰਾਖੈ ਨਹ ਮਨੂਆ ਬਸਿ ਜਾ ਕੋ ॥ (831-3, ਬਿਲਾਵਲੁ, ਮਃ 9)
ਨਿਹਫਲ ਧਰਮੁ ਤਾਹਿ ਤੁਮ ਮਾਨਹੁ ਸਾਚੁ ਕਹਤ ਮੈ ਯਾ ਕਉ ॥੧॥ (831-4, ਬਿਲਾਵਲੁ, ਮਃ 9)
ਜੈਸੇ ਪਾਹਨੁ ਜਲ ਮਹਿ ਰਾਖਿਓ ਭੇਦੈ ਨਾਹਿ ਤਿਹ ਪਾਨੀ ॥ (831-5, ਬਿਲਾਵਲੁ, ਮਃ 9)
ਤੈਸੇ ਹੀ ਤੁਮ ਤਾਹਿ ਪਛਾਨਹੁ ਭਗਤਿ ਹੀਨ ਜੋ ਪ੍ਰਾਨੀ ॥੨॥ (831-5, ਬਿਲਾਵਲੁ, ਮਃ 9)
ਕਲ ਮੈ ਮੁਕਤਿ ਨਾਮ ਤੇ ਪਾਵਤ ਗੁਰੁ ਯਹ ਭੇਦੁ ਬਤਾਵੈ ॥ (831-6, ਬਿਲਾਵਲੁ, ਮਃ 9)
ਕਹੁ ਨਾਨਕ ਸੋਈ ਨਰੁ ਗਰੂਆ ਜੋ ਪ੍ਰਭ ਕੇ ਗੁਨ ਗਾਵੈ ॥੩॥੩॥ (831-6, ਬਿਲਾਵਲੁ, ਮਃ 9)
ੴ ਸਤਿਗੁਰ ਪ੍ਰਸਾਦਿ ॥ (901-16)
ਰਾਗੁ ਰਾਮਕਲੀ ਮਹਲਾ ੯ ਤਿਪਦੇ ॥ (901-17)
ਰੇ ਮਨ ਓਟ ਲੇਹੁ ਹਰਿ ਨਾਮਾ ॥ (901-17, ਰਾਮਕਲੀ, ਮਃ 9)
ਜਾ ਕੈ ਸਿਮਰਨਿ ਦੁਰਮਤਿ ਨਾਸੈ ਪਾਵਹਿ ਪਦੁ ਨਿਰਬਾਨਾ ॥੧॥ ਰਹਾਉ ॥ (901-17, ਰਾਮਕਲੀ, ਮਃ 9)
ਬਡਭਾਗੀ ਤਿਹ ਜਨ ਕਉ ਜਾਨਹੁ ਜੋ ਹਰਿ ਕੇ ਗੁਨ ਗਾਵੈ ॥ (901-18, ਰਾਮਕਲੀ, ਮਃ 9)

ਜਨਮ ਜਨਮ ਕੇ ਪਾਪ ਖੋਇ ਕੈ ਫੁਨਿ ਬੈਕੁੰਠਿ ਸਿਧਾਵੈ ॥੧॥ (901-18, ਰਾਮਕਲੀ, ਮਃ 9)
ਅਜਾਮਲ ਕਉ ਅੰਤ ਕਾਲ ਮਹਿ ਨਾਰਾਇਨ ਸੁਧਿ ਆਈ ॥ (902-1, ਰਾਮਕਲੀ, ਮਃ 9)
ਜਾਂ ਗਤਿ ਕਉ ਜੋਗੀਸੁਰ ਬਾਛਤ ਸੋ ਗਤਿ ਛਿਨ ਮਹਿ ਪਾਈ ॥੨॥ (902-1, ਰਾਮਕਲੀ, ਮਃ 9)
ਨਾਹਿਨ ਗੁਨੁ ਨਾਹਿਨ ਕਛੁ ਬਿਦਿਆ ਧਰਮੁ ਕਉਨੁ ਗਜਿ ਕੀਨਾ ॥ (902-2, ਰਾਮਕਲੀ, ਮਃ 9)
ਨਾਨਕ ਬਿਰਦੁ ਰਾਮ ਕਾ ਦੇਖਹੁ ਅਭੈ ਦਾਨੁ ਤਿਹ ਦੀਨਾ ॥੩॥੧॥ (902-3, ਰਾਮਕਲੀ, ਮਃ 9)
ਰਾਮਕਲੀ ਮਹਲਾ ੯ ॥ (902-3)
ਸਾਧੋ ਕਉਨ ਜੁਗਤਿ ਅਬ ਕੀਜੈ ॥ (902-3, ਰਾਮਕਲੀ, ਮਃ 9)
ਜਾ ਤੇ ਦੁਰਮਤਿ ਸਗਲ ਬਿਨਾਸੈ ਰਾਮ ਭਗਤਿ ਮਨੁ ਭੀਜੈ ॥੧॥ ਰਹਾਉ ॥ (902-4, ਰਾਮਕਲੀ, ਮਃ 9)
ਮਨੁ ਮਾਇਆ ਮਹਿ ਉਰਝਿ ਰਹਿਓ ਹੈ ਬੂਝੈ ਨਹ ਕਛੁ ਗਿਆਨਾ ॥ (902-4, ਰਾਮਕਲੀ, ਮਃ 9)
ਕਉਨੁ ਨਾਮੁ ਜਗੁ ਜਾ ਕੈ ਸਿਮਰੈ ਪਾਵੈ ਪਦੁ ਨਿਰਬਾਨਾ ॥੧॥ (902-5, ਰਾਮਕਲੀ, ਮਃ 9)
ਭਏ ਦਇਆਲ ਕ੍ਰਿਪਾਲ ਸੰਤ ਜਨ ਤਬ ਇਹ ਬਾਤ ਬਤਾਈ ॥ (902-6, ਰਾਮਕਲੀ, ਮਃ 9)
ਸਰਬ ਧਰਮ ਮਾਨੋ ਤਿਹ ਕੀਏ ਜਿਹ ਪ੍ਰਭ ਕੀਰਤਿ ਗਾਈ ॥੨॥ (902-6, ਰਾਮਕਲੀ, ਮਃ 9)
ਰਾਮ ਨਾਮੁ ਨਰੁ ਨਿਸਿ ਬਾਸੁਰ ਮਹਿ ਨਿਮਖ ਏਕ ਉਰਿ ਧਾਰੈ ॥ (902-7, ਰਾਮਕਲੀ, ਮਃ 9)
ਜਮ ਕੋ ਤ੍ਰਾਸੁ ਮਿਟੈ ਨਾਨਕ ਤਿਹ ਅਪੁਨੋ ਜਨਮੁ ਸਵਾਰੈ ॥੩॥੨॥ (902-7, ਰਾਮਕਲੀ, ਮਃ 9)
ਰਾਮਕਲੀ ਮਹਲਾ ੯ ॥ (902-8)
ਪ੍ਰਾਨੀ ਨਾਰਾਇਨ ਸੁਧਿ ਲੇਹਿ ॥ (902-8, ਰਾਮਕਲੀ, ਮਃ 9)
ਛਿਨੁ ਛਿਨੁ ਅਉਧ ਘਟੈ ਨਿਸਿ ਬਾਸੁਰ ਬ੍ਰਿਥਾ ਜਾਤੁ ਹੈ ਦੇਹ ॥੧॥ ਰਹਾਉ ॥ (902-8, ਰਾਮਕਲੀ, ਮਃ 9)
ਤਰਨਾਪੋ ਬਿਖਿਅਨ ਸਿਉ ਖੋਇਓ ਬਾਲਪਨੁ ਅਗਿਆਨਾ ॥ (902-9, ਰਾਮਕਲੀ, ਮਃ 9)
ਬਿਰਧਿ ਭਇਓ ਅਜਹੂ ਨਹੀ ਸਮਝੈ ਕਉਨ ਕੁਮਤਿ ਉਰਝਾਨਾ ॥੧॥ (902-10, ਰਾਮਕਲੀ, ਮਃ 9)
ਮਾਨਸ ਜਨਮੁ ਦੀਓ ਜਿਹ ਠਾਕੁਰਿ ਸੋ ਤੈ ਕਿਉ ਬਿਸਰਾਇਓ ॥ (902-10, ਰਾਮਕਲੀ, ਮਃ 9)
ਮੁਕਤੁ ਹੋਤ ਨਰ ਜਾ ਕੈ ਸਿਮਰੈ ਨਿਮਖ ਨ ਤਾ ਕਉ ਗਾਇਓ ॥੨॥ (902-11, ਰਾਮਕਲੀ, ਮਃ 9)
ਮਾਇਆ ਕੋ ਮਦੁ ਕਹਾ ਕਰਤੁ ਹੈ ਸੰਗਿ ਨ ਕਾਹੂ ਜਾਈ ॥ (902-11, ਰਾਮਕਲੀ, ਮਃ 9)
ਨਾਨਕੁ ਕਹਤੁ ਚੇਤਿ ਚਿੰਤਾਮਨਿ ਹੋਇ ਹੈ ਅੰਤਿ ਸਹਾਈ ॥੩॥੩॥੮੧॥ (902-12, ਰਾਮਕਲੀ, ਮਃ 9)
ੴ ਸਤਿਗੁਰ ਪ੍ਰਸਾਦਿ ॥ (1008-5)
ਮਾਰੂ ਮਹਲਾ ੯ ॥ (1008-5)
ਹਰਿ ਕੋ ਨਾਮੁ ਸਦਾ ਸੁਖਦਾਈ ॥ (1008-5, ਮਾਰੂ, ਮਃ 9)
ਜਾ ਕਉ ਸਿਮਰਿ ਅਜਾਮਲੁ ਉਧਰਿਓ ਗਨਿਕਾ ਹੂ ਗਤਿ ਪਾਈ ॥੧॥ ਰਹਾਉ ॥ (1008-5, ਮਾਰੂ, ਮਃ 9)
ਪੰਚਾਲੀ ਕਉ ਰਾਜ ਸਭਾ ਮਹਿ ਰਾਮ ਨਾਮ ਸੁਧਿ ਆਈ ॥ (1008-6, ਮਾਰੂ, ਮਃ 9)
ਤਾ ਕੋ ਦੂਖੁ ਹਰਿਓ ਕਰੁਣਾ ਮੈ ਅਪਨੀ ਪੈਜ ਬਢਾਈ ॥੧॥ (1008-6, ਮਾਰੂ, ਮਃ 9)
ਜਿਹ ਨਰ ਜਸੁ ਕਿਰਪਾ ਨਿਧਿ ਗਾਇਓ ਤਾ ਕਉ ਭਇਓ ਸਹਾਈ ॥ (1008-7, ਮਾਰੂ, ਮਃ 9)
ਕਹੁ ਨਾਨਕ ਮੈ ਇਹੀ ਭਰੋਸੈ ਗਹੀ ਆਨਿ ਸਰਨਾਈ ॥੨॥੧॥ (1008-8, ਮਾਰੂ, ਮਃ 9)
ਮਾਰੂ ਮਹਲਾ ੯ ॥ (1008-8)
ਅਬ ਮੈ ਕਹਾ ਕਰਉ ਰੀ ਮਾਈ ॥ (1008-8, ਮਾਰੂ, ਮਃ 9)
ਸਗਲ ਜਨਮੁ ਬਿਖਿਅਨ ਸਿਉ ਖੋਇਆ ਸਿਮਰਿਓ ਨਾਹਿ ਕਨ੍ਹਾਈ ॥੧॥ ਰਹਾਉ ॥ (1008-9, ਮਾਰੂ, ਮਃ 9)
ਕਾਲ ਫਾਸ ਜਬ ਗਰ ਮਹਿ ਮੇਲੀ ਤਿਹ ਸੁਧਿ ਸਭ ਬਿਸਰਾਈ ॥ (1008-9, ਮਾਰੂ, ਮਃ 9)
ਰਾਮ ਨਾਮ ਬਿਨੁ ਯਾ ਸੰਕਟ ਮਹਿ ਕੋ ਅਬ ਹੋਤ ਸਹਾਈ ॥੧॥ (1008-10, ਮਾਰੂ, ਮਃ 9)

ਜੋ ਸੰਪਤਿ ਅਪਨੀ ਕਰਿ ਮਾਨੀ ਛਿਨ ਮਹਿ ਭਈ ਪਰਾਈ ॥ (1008-10, ਮਾਰੂ, ਮਃ 9)
ਕਹੁ ਨਾਨਕ ਯਹ ਸੋਚ ਰਹੀ ਮਨਿ ਹਰਿ ਜਸੁ ਕਬਹੂ ਨ ਗਾਈ ॥੨॥੨॥ (1008-11, ਮਾਰੂ, ਮਃ 9)
ਮਾਰੂ ਮਹਲਾ ੯ ॥ (1008-12)
ਮਾਈ ਮੈ ਮਨ ਕੋ ਮਾਨੁ ਨ ਤਿਆਗਿਓ ॥ (1008-12, ਮਾਰੂ, ਮਃ 9)
ਮਾਇਆ ਕੇ ਮਦਿ ਜਨਮੁ ਸਿਰਾਇਓ ਰਾਮ ਭਜਨਿ ਨਹੀ ਲਾਗਿਓ ॥੧॥ ਰਹਾਉ ॥ (1008-12, ਮਾਰੂ, ਮਃ 9)
ਜਮ ਕੋ ਡੰਡੁ ਪਰਿਓ ਸਿਰ ਊਪਰਿ ਤਬ ਸੋਵਤ ਤੈ ਜਾਗਿਓ ॥ (1008-13, ਮਾਰੂ, ਮਃ 9)
ਕਹਾ ਹੋਤ ਅਬ ਕੈ ਪਛੁਤਾਏ ਛੂਟਤ ਨਾਹਿਨ ਭਾਗਿਓ ॥੧॥ (1008-13, ਮਾਰੂ, ਮਃ 9)
ਇਹ ਚਿੰਤਾ ਉਪਜੀ ਘਟ ਮਹਿ ਜਬ ਗੁਰ ਚਰਨਨ ਅਨੁਰਾਗਿਓ ॥ (1008-14, ਮਾਰੂ, ਮਃ 9)
ਸੁਫਲੁ ਜਨਮੁ ਨਾਨਕ ਤਬ ਹੂਆ ਜਉ ਪ੍ਰਭ ਜਸ ਮਹਿ ਪਾਗਿਓ ॥੨॥੩॥ (1008-15, ਮਾਰੂ, ਮਃ 9)
ੴ ਸਤਿਗੁਰ ਪ੍ਰਸਾਦਿ ॥ (1186-7)
ਰਾਗੁ ਬਸੰਤੁ ਹਿੰਡੋਲ ਮਹਲਾ ੯ ॥ (1186-7)
ਸਾਧੋ ਇਹੁ ਤਨੁ ਮਿਥਿਆ ਜਾਨਉ ॥ (1186-7, ਬਸੰਤੁ ਹਿੰਡੋਲ, ਮਃ 9)
ਯਾ ਭੀਤਰਿ ਜੋ ਰਾਮੁ ਬਸਤੁ ਹੈ ਸਾਚੋ ਤਾਹਿ ਪਛਾਨੋ ॥੧॥ ਰਹਾਉ ॥ (1186-7, ਬਸੰਤੁ ਹਿੰਡੋਲ, ਮਃ 9)
ਇਹੁ ਜਗੁ ਹੈ ਸੰਪਤਿ ਸੁਪਨੇ ਕੀ ਦੇਖਿ ਕਹਾ ਐਡਾਨੋ ॥ (1186-8, ਬਸੰਤੁ ਹਿੰਡੋਲ, ਮਃ 9)
ਸੰਗਿ ਤਿਹਾਰੈ ਕਛੂ ਨ ਚਾਲੈ ਤਾਹਿ ਕਹਾ ਲਪਟਾਨੋ ॥੧॥ (1186-9, ਬਸੰਤੁ ਹਿੰਡੋਲ, ਮਃ 9)
ਉਸਤਤਿ ਨਿੰਦਾ ਦੋਊ ਪਰਹਰਿ ਹਰਿ ਕੀਰਤਿ ਉਰਿ ਆਨੋ ॥ (1186-9, ਬਸੰਤੁ ਹਿੰਡੋਲ, ਮਃ 9)
ਜਨ ਨਾਨਕ ਸਭ ਹੀ ਮੈ ਪੂਰਨ ਏਕ ਪੁਰਖ ਭਗਵਾਨੋ ॥੨॥੧॥ (1186-10, ਬਸੰਤੁ ਹਿੰਡੋਲ, ਮਃ 9)
ਬਸੰਤੁ ਮਹਲਾ ੯ ॥ (1186-10)
ਪਾਪੀ ਹੀਐ ਮੈ ਕਾਮੁ ਬਸਾਇ ॥ (1186-10, ਬਸੰਤੁ, ਮਃ 9)
ਮਨੁ ਚੰਚਲੁ ਯਾ ਤੇ ਗਹਿਓ ਨ ਜਾਇ ॥੧॥ ਰਹਾਉ ॥ (1186-11, ਬਸੰਤੁ, ਮਃ 9)
ਜੋਗੀ ਜੰਗਮ ਅਰੁ ਸੰਨਿਆਸ ॥ (1186-11, ਬਸੰਤੁ, ਮਃ 9)
ਸਭ ਹੀ ਪਰਿ ਡਾਰੀ ਇਹ ਫਾਸ ॥੧॥ (1186-11, ਬਸੰਤੁ, ਮਃ 9)
ਜਿਹਿ ਜਿਹਿ ਹਰਿ ਕੋ ਨਾਮੁ ਸਮ੍ਹਾਰਿ ॥ (1186-12, ਬਸੰਤੁ, ਮਃ 9)
ਤੇ ਭਵ ਸਾਗਰ ਉਤਰੇ ਪਾਰਿ ॥੨॥ (1186-12, ਬਸੰਤੁ, ਮਃ 9)
ਜਨ ਨਾਨਕ ਹਰਿ ਕੀ ਸਰਨਾਇ ॥ (1186-12, ਬਸੰਤੁ, ਮਃ 9)
ਦੀਜੈ ਨਾਮੁ ਰਹੈ ਗੁਨ ਗਾਇ ॥੩॥੨॥ (1186-13, ਬਸੰਤੁ, ਮਃ 9)
ਬਸੰਤੁ ਮਹਲਾ ੯ ॥ (1186-13)
ਮਾਈ ਮੈ ਧਨੁ ਪਾਇਓ ਹਰਿ ਨਾਮੁ ॥ (1186-13, ਬਸੰਤੁ, ਮਃ 9)
ਮਨੁ ਮੇਰੋ ਧਾਵਨ ਤੇ ਛੂਟਿਓ ਕਰਿ ਬੈਠੋ ਬਿਸਰਾਮੁ ॥੧॥ ਰਹਾਉ ॥ (1186-13, ਬਸੰਤੁ, ਮਃ 9)
ਮਾਇਆ ਮਮਤਾ ਤਨ ਤੇ ਭਾਗੀ ਉਪਜਿਓ ਨਿਰਮਲ ਗਿਆਨੁ ॥ (1186-14, ਬਸੰਤੁ, ਮਃ 9)
ਲੋਭ ਮੋਹ ਏਹ ਪਰਸਿ ਨ ਸਾਕੈ ਗਹੀ ਭਗਤਿ ਭਗਵਾਨ ॥੧॥ (1186-14, ਬਸੰਤੁ, ਮਃ 9)
ਜਨਮ ਜਨਮ ਕਾ ਸੰਸਾ ਚੂਕਾ ਰਤਨੁ ਨਾਮੁ ਜਬ ਪਾਇਆ ॥ (1186-15, ਬਸੰਤੁ, ਮਃ 9)
ਤ੍ਰਿਸਨਾ ਸਕਲ ਬਿਨਾਸੀ ਮਨ ਤੇ ਨਿਜ ਸੁਖ ਮਾਹਿ ਸਮਾਇਆ ॥੨॥ (1186-16, ਬਸੰਤੁ, ਮਃ 9)
ਜਾ ਕਉ ਹੋਤ ਦਇਆਲੁ ਕਿਰਪਾ ਨਿਧਿ ਸੋ ਗੋਬਿੰਦ ਗੁਨ ਗਾਵੈ ॥ (1186-16, ਬਸੰਤੁ, ਮਃ 9)
ਕਹੁ ਨਾਨਕ ਇਹ ਬਿਧਿ ਕੀ ਸੰਪੈ ਕੋਊ ਗੁਰਮੁਖਿ ਪਾਵੈ ॥੩॥੩॥ (1186-17, ਬਸੰਤੁ, ਮਃ 9)
ਬਸੰਤੁ ਮਹਲਾ ੯ ॥ (1186-17)

ਮਨ ਕਹਾ ਬਿਸਾਰਿਓ ਰਾਮ ਨਾਮੁ ॥ (1186-17, ਬਸੰਤੁ, ਮਃ 9)
ਤਨੁ ਬਿਨਸੈ ਜਮ ਸਿਉ ਪਰੈ ਕਾਮੁ ॥੧॥ ਰਹਾਉ ॥ (1186-18, ਬਸੰਤੁ, ਮਃ 9)
ਇਹੁ ਜਗੁ ਧੂਏ ਕਾ ਪਹਾਰ ॥ (1186-18, ਬਸੰਤੁ, ਮਃ 9)
ਤੈ ਸਾਚਾ ਮਾਨਿਆ ਕਿਹ ਬਿਚਾਰਿ ॥੧॥ (1187-1, ਬਸੰਤੁ, ਮਃ 9)
ਧਨੁ ਦਾਰਾ ਸੰਪਤਿ ਗ੍ਰੇਹ ॥ (1187-1, ਬਸੰਤੁ, ਮਃ 9)
ਕਛੁ ਸੰਗਿ ਨ ਚਾਲੈ ਸਮਝ ਲੇਹ ॥੨॥ (1187-1, ਬਸੰਤੁ, ਮਃ 9)
ਇਕ ਭਗਤਿ ਨਾਰਾਇਨ ਹੋਇ ਸੰਗਿ ॥ (1187-2, ਬਸੰਤੁ, ਮਃ 9)
ਕਹੁ ਨਾਨਕ ਭਜੁ ਤਿਹ ਏਕ ਰੰਗਿ ॥੩॥੪॥ (1187-2, ਬਸੰਤੁ, ਮਃ 9)
ਬਸੰਤੁ ਮਹਲਾ ੯ ॥ (1187-2)
ਕਹਾ ਭੂਲਿਓ ਰੇ ਝੂਠੇ ਲੋਭ ਲਾਗ ॥ (1187-2, ਬਸੰਤੁ, ਮਃ 9)
ਕਛੁ ਬਿਗਰਿਓ ਨਾਹਿਨ ਅਜਹੁ ਜਾਗ ॥੧॥ ਰਹਾਉ ॥ (1187-3, ਬਸੰਤੁ, ਮਃ 9)
ਸਮ ਸੁਪਨੈ ਕੈ ਇਹੁ ਜਗੁ ਜਾਨੁ ॥ (1187-3, ਬਸੰਤੁ, ਮਃ 9)
ਬਿਨਸੈ ਛਿਨ ਮੈ ਸਾਚੀ ਮਾਨੁ ॥੧॥ (1187-4, ਬਸੰਤੁ, ਮਃ 9)
ਸੰਗਿ ਤੇਰੈ ਹਰਿ ਬਸਤ ਨੀਤ ॥ (1187-4, ਬਸੰਤੁ, ਮਃ 9)
ਨਿਸ ਬਾਸੁਰ ਭਜੁ ਤਾਹਿ ਮੀਤ ॥੨॥ (1187-4, ਬਸੰਤੁ, ਮਃ 9)
ਬਾਰ ਅੰਤ ਕੀ ਹੋਇ ਸਹਾਇ ॥ (1187-5, ਬਸੰਤੁ, ਮਃ 9)
ਕਹੁ ਨਾਨਕ ਗੁਨ ਤਾ ਕੇ ਗਾਇ ॥੩॥੫॥ (1187-5, ਬਸੰਤੁ, ਮਃ 9)
ੴ ਸਤਿਗੁਰ ਪ੍ਰਸਾਦਿ ॥ (1231-8)
ਰਾਗੁ ਸਾਰੰਗ ਮਹਲਾ ੯ ॥ (1231-8)
ਹਰਿ ਬਿਨੁ ਤੇਰੋ ਕੋ ਨ ਸਹਾਈ ॥ (1231-8, ਸਾਰੰਗ, ਮਃ 9)
ਕਾਂ ਕੀ ਮਾਤ ਪਿਤਾ ਸੁਤ ਬਨਿਤਾ ਕੋ ਕਾਹੂ ਕੋ ਭਾਈ ॥੧॥ ਰਹਾਉ ॥ (1231-8, ਸਾਰੰਗ, ਮਃ 9)
ਧਨੁ ਧਰਨੀ ਅਰੁ ਸੰਪਤਿ ਸਗਰੀ ਜੋ ਮਾਨਿਓ ਅਪਨਾਈ ॥ (1231-9, ਸਾਰੰਗ, ਮਃ 9)
ਤਨ ਛੂਟੈ ਕਛੁ ਸੰਗਿ ਨ ਚਾਲੈ ਕਹਾ ਤਾਹਿ ਲਪਟਾਈ ॥੧॥ (1231-9, ਸਾਰੰਗ, ਮਃ 9)
ਦੀਨ ਦਇਆਲ ਸਦਾ ਦੁਖ ਭੰਜਨ ਤਾ ਸਿਉ ਰੁਚਿ ਨ ਬਢਾਈ ॥ (1231-10, ਸਾਰੰਗ, ਮਃ 9)
ਨਾਨਕ ਕਹਤ ਜਗਤ ਸਭ ਮਿਥਿਆ ਜਿਉ ਸੁਪਨਾ ਰੈਨਾਈ ॥੨॥੧॥ (1231-11, ਸਾਰੰਗ, ਮਃ 9)
ਸਾਰੰਗ ਮਹਲਾ ੯ ॥ (1231-11)
ਕਹਾ ਮਨ ਬਿਖਿਆ ਸਿਉ ਲਪਟਾਹੀ ॥ (1231-11, ਸਾਰੰਗ, ਮਃ 9)
ਯਾ ਜਗ ਮਹਿ ਕੋਊ ਰਹਨੁ ਨ ਪਾਵੈ ਇਕਿ ਆਵਹਿ ਇਕਿ ਜਾਹੀ ॥੧॥ ਰਹਾਉ ॥ (1231-12, ਸਾਰੰਗ, ਮਃ 9)
ਕਾਂ ਕੋ ਤਨੁ ਧਨੁ ਸੰਪਤਿ ਕਾਂ ਕੀ ਕਾ ਸਿਉ ਨੇਹੁ ਲਗਾਹੀ ॥ (1231-12, ਸਾਰੰਗ, ਮਃ 9)
ਜੋ ਦੀਸੈ ਸੋ ਸਗਲ ਬਿਨਾਸੈ ਜਿਉ ਬਾਦਰ ਕੀ ਛਾਹੀ ॥੧॥ (1231-13, ਸਾਰੰਗ, ਮਃ 9)
ਤਜਿ ਅਭਿਮਾਨੁ ਸਰਣਿ ਸੰਤਨ ਗਹੁ ਮੁਕਤਿ ਹੋਹਿ ਛਿਨ ਮਾਹੀ ॥ (1231-14, ਸਾਰੰਗ, ਮਃ 9)
ਜਨ ਨਾਨਕ ਭਗਵੰਤ ਭਜਨ ਬਿਨੁ ਸੁਖੁ ਸੁਪਨੈ ਭੀ ਨਾਹੀ ॥੨॥੨॥ (1231-14, ਸਾਰੰਗ, ਮਃ 9)
ਸਾਰੰਗ ਮਹਲਾ ੯ ॥ (1231-15)
ਕਹਾ ਨਰ ਅਪਨੋ ਜਨਮੁ ਗਵਾਵੈ ॥ (1231-15, ਸਾਰੰਗ, ਮਃ 9)
ਮਾਇਆ ਮਦਿ ਬਿਖਿਆ ਰਸਿ ਰਚਿਓ ਰਾਮ ਸਰਨਿ ਨਹੀ ਆਵੈ ॥੧॥ ਰਹਾਉ ॥ (1231-15, ਸਾਰੰਗ, ਮਃ 9)
ਇਹੁ ਸੰਸਾਰੁ ਸਗਲ ਹੈ ਸੁਪਨੋ ਦੇਖਿ ਕਹਾ ਲੋਭਾਵੈ ॥ (1231-16, ਸਾਰੰਗ, ਮਃ 9)

ਜੋ ਉਪਜੈ ਸੋ ਸਗਲ ਬਿਨਾਸੈ ਰਹਨੁ ਨ ਕੋਊ ਪਾਵੈ ॥੧॥ (1231-16, ਸਾਰੰਗ, ਮਃ 9)
ਮਿਥਿਆ ਤਨੁ ਸਾਚੋ ਕਰਿ ਮਾਨਿਓ ਇਹ ਬਿਧਿ ਆਪੁ ਬੰਧਾਵੈ ॥ (1231-17, ਸਾਰੰਗ, ਮਃ 9)
ਜਨ ਨਾਨਕ ਸੋਊ ਜਨੁ ਮੁਕਤਾ ਰਾਮ ਭਜਨ ਚਿਤੁ ਲਾਵੈ ॥੨॥੩॥ (1231-18, ਸਾਰੰਗ, ਮਃ 9)
ਸਾਰੰਗ ਮਹਲਾ ੯ ॥ (1231-18)
ਮਨ ਕਰਿ ਕਬਹੂ ਨ ਹਰਿ ਗੁਨ ਗਾਇਓ ॥ (1231-18, ਸਾਰੰਗ, ਮਃ 9)
ਬਿਖਿਆਸਕਤ ਰਹਿਓ ਨਿਸਿ ਬਾਸੁਰ ਕੀਨੋ ਅਪਨੋ ਭਾਇਓ ॥੧॥ ਰਹਾਉ ॥ (1232-1, ਸਾਰੰਗ, ਮਃ 9)
ਗੁਰ ਉਪਦੇਸੁ ਸੁਨਿਓ ਨਹਿ ਕਾਨਨਿ ਪਰ ਦਾਰਾ ਲਪਟਾਇਓ ॥ (1232-1, ਸਾਰੰਗ, ਮਃ 9)
ਪਰ ਨਿੰਦਾ ਕਾਰਨਿ ਬਹੁ ਧਾਵਤ ਸਮਝਿਓ ਨਹ ਸਮਝਾਇਓ ॥੧॥ (1232-2, ਸਾਰੰਗ, ਮਃ 9)
ਕਹਾ ਕਹਉ ਮੈ ਅਪੁਨੀ ਕਰਨੀ ਜਿਹ ਬਿਧਿ ਜਨਮੁ ਗਵਾਇਓ ॥ (1232-3, ਸਾਰੰਗ, ਮਃ 9)
ਕਹਿ ਨਾਨਕ ਸਭ ਅਉਗਨ ਮੋ ਮਹਿ ਰਾਖਿ ਲੇਹੁ ਸਰਨਾਇਓ ॥੨॥੪॥੩॥੧੩॥੧੩੯॥੪॥੧੫੯॥ (1232-3, ਸਾਰੰਗ, ਮਃ 9)
ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ (1352-1)
ਰਾਗੁ ਜੈਜਾਵੰਤੀ ਮਹਲਾ ੯ ॥ (1352-3)
ਰਾਮੁ ਸਿਮਰਿ ਰਾਮੁ ਸਿਮਰਿ ਇਹੈ ਤੇਰੈ ਕਾਜਿ ਹੈ ॥ (1352-4, ਜੈਜਾਵੰਤੀ, ਮਃ 9)
ਮਾਇਆ ਕੋ ਸੰਗੁ ਤਿਆਗੁ ਪ੍ਰਭ ਜੂ ਕੀ ਸਰਨਿ ਲਾਗੁ ॥ (1352-4, ਜੈਜਾਵੰਤੀ, ਮਃ 9)
ਜਗਤ ਸੁਖ ਮਾਨੁ ਮਿਥਿਆ ਝੂਠੋ ਸਭ ਸਾਜੁ ਹੈ ॥੧॥ ਰਹਾਉ ॥ (1352-4, ਜੈਜਾਵੰਤੀ, ਮਃ 9)
ਸੁਪਨੇ ਜਿਉ ਧਨੁ ਪਛਾਨੁ ਕਾਹੇ ਪਰਿ ਕਰਤ ਮਾਨੁ ॥ (1352-5, ਜੈਜਾਵੰਤੀ, ਮਃ 9)
ਬਾਰੂ ਕੀ ਭੀਤਿ ਜੈਸੇ ਬਸੁਧਾ ਕੋ ਰਾਜੁ ਹੈ ॥੧॥ (1352-5, ਜੈਜਾਵੰਤੀ, ਮਃ 9)
ਨਾਨਕੁ ਜਨੁ ਕਹਤੁ ਬਾਤ ਬਿਨਸਿ ਜੈਹੈ ਤੇਰੋ ਗਾਤੁ ॥ (1352-6, ਜੈਜਾਵੰਤੀ, ਮਃ 9)
ਛਿਨੁ ਛਿਨੁ ਕਰਿ ਗਇਓ ਕਾਲੁ ਤੈਸੇ ਜਾਤੁ ਆਜੁ ਹੈ ॥੨॥੧॥ (1352-6, ਜੈਜਾਵੰਤੀ, ਮਃ 9)
ਜੈਜਾਵੰਤੀ ਮਹਲਾ ੯ ॥ (1352-7)
ਰਾਮੁ ਭਜੁ ਰਾਮੁ ਭਜੁ ਜਨਮੁ ਸਿਰਾਤੁ ਹੈ ॥ (1352-7, ਜੈਜਾਵੰਤੀ, ਮਃ 9)
ਕਹਉ ਕਹਾ ਬਾਰ ਬਾਰ ਸਮਝਤ ਨਹ ਕਿਉ ਗਵਾਰ ॥ (1352-8, ਜੈਜਾਵੰਤੀ, ਮਃ 9)
ਬਿਨਸਤ ਨਹ ਲਗੈ ਬਾਰ ਓਰੇ ਸਮ ਗਾਤੁ ਹੈ ॥੧॥ ਰਹਾਉ ॥ (1352-8, ਜੈਜਾਵੰਤੀ, ਮਃ 9)
ਸਗਲ ਭਰਮ ਡਾਰਿ ਦੇਹਿ ਗੋਬਿੰਦ ਕੋ ਨਾਮੁ ਲੇਹਿ ॥ (1352-9, ਜੈਜਾਵੰਤੀ, ਮਃ 9)
ਅੰਤਿ ਬਾਰ ਸੰਗਿ ਤੇਰੈ ਇਹੈ ਏਕੁ ਜਾਤੁ ਹੈ ॥੧॥ (1352-9, ਜੈਜਾਵੰਤੀ, ਮਃ 9)
ਬਿਖਿਆ ਬਿਖੁ ਜਿਉ ਬਿਸਾਰਿ ਪ੍ਰਭ ਕੌ ਜਸੁ ਹੀਏ ਧਾਰਿ ॥ (1352-10, ਜੈਜਾਵੰਤੀ, ਮਃ 9)
ਨਾਨਕ ਜਨ ਕਹਿ ਪੁਕਾਰਿ ਅਉਸਰੁ ਬਿਹਾਤੁ ਹੈ ॥੨॥੨॥ (1352-10, ਜੈਜਾਵੰਤੀ, ਮਃ 9)
ਜੈਜਾਵੰਤੀ ਮਹਲਾ ੯ ॥ (1352-11)
ਰੇ ਮਨ ਕਉਨ ਗਤਿ ਹੋਇ ਹੈ ਤੇਰੀ ॥ (1352-11, ਜੈਜਾਵੰਤੀ, ਮਃ 9)
ਇਹ ਜਗ ਮਹਿ ਰਾਮ ਨਾਮੁ ਸੋ ਤਉ ਨਹੀ ਸੁਨਿਓ ਕਾਨਿ ॥ (1352-11, ਜੈਜਾਵੰਤੀ, ਮਃ 9)
ਬਿਖਿਅਨ ਸਿਉ ਅਤਿ ਲੁਭਾਨਿ ਮਤਿ ਨਾਹਿਨ ਫੇਰੀ ॥੧॥ ਰਹਾਉ ॥ (1352-12, ਜੈਜਾਵੰਤੀ, ਮਃ 9)
ਮਾਨਸ ਕੋ ਜਨਮੁ ਲੀਨੁ ਸਿਮਰਨੁ ਨਹ ਨਿਮਖ ਕੀਨੁ ॥ (1352-12, ਜੈਜਾਵੰਤੀ, ਮਃ 9)
ਦਾਰਾ ਸੁਖ ਭਇਓ ਦੀਨੁ ਪਗਹੁ ਪਰੀ ਬੇਰੀ ॥੧॥ (1352-13, ਜੈਜਾਵੰਤੀ, ਮਃ 9)
ਨਾਨਕ ਜਨ ਕਹਿ ਪੁਕਾਰਿ ਸੁਪਨੈ ਜਿਉ ਜਗ ਪਸਾਰੁ ॥ (1352-13, ਜੈਜਾਵੰਤੀ, ਮਃ 9)
ਸਿਮਰਤ ਨਹ ਕਿਉ ਮੁਰਾਰਿ ਮਾਇਆ ਜਾ ਕੀ ਚੇਰੀ ॥੨॥੩॥ (1352-14, ਜੈਜਾਵੰਤੀ, ਮਃ 9)

ਜੈਜਾਵੰਤੀ ਮਹਲਾ ੯ ॥ (1352-14)
ਬੀਤ ਜੈਹੈ ਬੀਤ ਜੈਹੈ ਜਨਮੁ ਅਕਾਜੁ ਰੇ ॥ (1352-14, ਜੈਜਾਵੰਤੀ, ਮਃ 9)
ਨਿਸਿ ਦਿਨੁ ਸੁਨਿ ਕੈ ਪੁਰਾਨ ਸਮਝਤ ਨਹ ਰੇ ਅਜਾਨ ॥ (1352-15, ਜੈਜਾਵੰਤੀ, ਮਃ 9)
ਕਾਲੁ ਤਉ ਪਹੂਚਿਓ ਆਨਿ ਕਹਾ ਜੈਹੈ ਭਾਜਿ ਰੇ ॥੧॥ ਰਹਾਉ ॥ (1352-15, ਜੈਜਾਵੰਤੀ, ਮਃ 9)
ਅਸਥਿਰੁ ਜੋ ਮਾਨਿਓ ਦੇਹ ਸੋ ਤਉ ਤੇਰਉ ਹੋਇ ਹੈ ਖੇਹ ॥ (1353-1, ਜੈਜਾਵੰਤੀ, ਮਃ 9)
ਕਿਉ ਨ ਹਰਿ ਕੋ ਨਾਮੁ ਲੇਹਿ ਮੂਰਖ ਨਿਲਾਜ ਰੇ ॥੧॥ (1353-1, ਜੈਜਾਵੰਤੀ, ਮਃ 9)
ਰਾਮ ਭਗਤਿ ਹੀਏ ਆਨਿ ਛਾਡਿ ਦੇ ਤੈ ਮਨ ਕੋ ਮਾਨੁ ॥ (1353-2, ਜੈਜਾਵੰਤੀ, ਮਃ 9)
ਨਾਨਕ ਜਨ ਇਹ ਬਖਾਨਿ ਜਗ ਮਹਿ ਬਿਰਾਜੁ ਰੇ ॥੨॥੪॥ (1353-2, ਜੈਜਾਵੰਤੀ, ਮਃ 9)
ੴ ਸਤਿਗੁਰ ਪ੍ਰਸਾਦਿ ॥ (1426-9)
ਸਲੋਕ ਮਹਲਾ ੯ ॥ (1426-10)
ਗੁਨ ਗੋਬਿੰਦ ਗਾਇਓ ਨਹੀ ਜਨਮੁ ਅਕਾਰਥ ਕੀਨੁ ॥ (1426-10, ਸਲੋਕ, ਮਃ 9)
ਕਹੁ ਨਾਨਕ ਹਰਿ ਭਜੁ ਮਨਾ ਜਿਹ ਬਿਧਿ ਜਲ ਕਉ ਮੀਨੁ ॥੧॥ (1426-10, ਸਲੋਕ, ਮਃ 9)
ਬਿਖਿਅਨ ਸਿਉ ਕਾਹੇ ਰਚਿਓ ਨਿਮਖ ਨ ਹੋਹਿ ਉਦਾਸੁ ॥ (1426-11, ਸਲੋਕ, ਮਃ 9)
ਕਹੁ ਨਾਨਕ ਭਜੁ ਹਰਿ ਮਨਾ ਪਰੈ ਨ ਜਮ ਕੀ ਫਾਸ ॥੨॥ (1426-11, ਸਲੋਕ, ਮਃ 9)
ਤਰਨਾਪੋ ਇਉ ਹੀ ਗਇਓ ਲੀਓ ਜਰਾ ਤਨੁ ਜੀਤਿ ॥ (1426-12, ਸਲੋਕ, ਮਃ 9)
ਕਹੁ ਨਾਨਕ ਭਜੁ ਹਰਿ ਮਨਾ ਅਉਧ ਜਾਤੁ ਹੈ ਬੀਤਿ ॥੩॥ (1426-12, ਸਲੋਕ, ਮਃ 9)
ਬਿਰਧਿ ਭਇਓ ਸੂਝੈ ਨਹੀ ਕਾਲੁ ਪਹੂਚਿਓ ਆਨਿ ॥ (1426-13, ਸਲੋਕ, ਮਃ 9)
ਕਹੁ ਨਾਨਕ ਨਰ ਬਾਵਰੇ ਕਿਉ ਨ ਭਜੈ ਭਗਵਾਨੁ ॥੪॥ (1426-13, ਸਲੋਕ, ਮਃ 9)
ਧਨੁ ਦਾਰਾ ਸੰਪਤਿ ਸਗਲ ਜਿਨਿ ਅਪੁਨੀ ਕਰਿ ਮਾਨਿ ॥ (1426-14, ਸਲੋਕ, ਮਃ 9)
ਇਨ ਮੈ ਕਛੁ ਸੰਗੀ ਨਹੀ ਨਾਨਕ ਸਾਚੀ ਜਾਨਿ ॥੫॥ (1426-14, ਸਲੋਕ, ਮਃ 9)
ਪਤਿਤ ਉਧਾਰਨ ਭੈ ਹਰਨ ਹਰਿ ਅਨਾਥ ਕੇ ਨਾਥ ॥ (1426-15, ਸਲੋਕ, ਮਃ 9)
ਕਹੁ ਨਾਨਕ ਤਿਹ ਜਾਨੀਐ ਸਦਾ ਬਸਤੁ ਤੁਮ ਸਾਥਿ ॥੬॥ (1426-15, ਸਲੋਕ, ਮਃ 9)
ਤਨੁ ਧਨੁ ਜਿਹ ਤੋ ਕਉ ਦੀਓ ਤਾਂ ਸਿਉ ਨੇਹੁ ਨ ਕੀਨ ॥ (1426-16, ਸਲੋਕ, ਮਃ 9)
ਕਹੁ ਨਾਨਕ ਨਰ ਬਾਵਰੇ ਅਬ ਕਿਉ ਡੋਲਤ ਦੀਨ ॥੭॥ (1426-16, ਸਲੋਕ, ਮਃ 9)
ਤਨੁ ਧਨੁ ਸੰਪੈ ਸੁਖ ਦੀਓ ਅਰੁ ਜਿਹ ਨੀਕੇ ਧਾਮ ॥ (1426-17, ਸਲੋਕ, ਮਃ 9)
ਕਹੁ ਨਾਨਕ ਸੁਨੁ ਰੇ ਮਨਾ ਸਿਮਰਤ ਕਾਹਿ ਨ ਰਾਮੁ ॥੮॥ (1426-17, ਸਲੋਕ, ਮਃ 9)
ਸਭ ਸੁਖ ਦਾਤਾ ਰਾਮੁ ਹੈ ਦੂਸਰ ਨਾਹਿਨ ਕੋਇ ॥ (1426-18, ਸਲੋਕ, ਮਃ 9)
ਕਹੁ ਨਾਨਕ ਸੁਨਿ ਰੇ ਮਨਾ ਤਿਹ ਸਿਮਰਤ ਗਤਿ ਹੋਇ ॥੯॥ (1426-18, ਸਲੋਕ, ਮਃ 9)
ਜਿਹ ਸਿਮਰਤ ਗਤਿ ਪਾਈਐ ਤਿਹ ਭਜੁ ਰੇ ਤੈ ਮੀਤ ॥ (1427-1, ਸਲੋਕ, ਮਃ 9)
ਕਹੁ ਨਾਨਕ ਸੁਨੁ ਰੇ ਮਨਾ ਅਉਧ ਘਟਤ ਹੈ ਨੀਤ ॥੧੦॥ (1427-1, ਸਲੋਕ, ਮਃ 9)
ਪਾਂਚ ਤਤ ਕੋ ਤਨੁ ਰਚਿਓ ਜਾਨਹੁ ਚਤੁਰ ਸੁਜਾਨ ॥ (1427-2, ਸਲੋਕ, ਮਃ 9)
ਜਿਹ ਤੇ ਉਪਜਿਓ ਨਾਨਕਾ ਲੀਨ ਤਾਹਿ ਮੈ ਮਾਨੁ ॥੧੧॥ (1427-2, ਸਲੋਕ, ਮਃ 9)
ਘਟ ਘਟ ਮੈ ਹਰਿ ਜੂ ਬਸੈ ਸੰਤਨ ਕਹਿਓ ਪੁਕਾਰਿ ॥ (1427-3, ਸਲੋਕ, ਮਃ 9)
ਕਹੁ ਨਾਨਕ ਤਿਹ ਭਜੁ ਮਨਾ ਭਉ ਨਿਧਿ ਉਤਰਹਿ ਪਾਰਿ ॥੧੨॥ (1427-3, ਸਲੋਕ, ਮਃ 9)
ਸੁਖੁ ਦੁਖੁ ਜਿਹ ਪਰਸੈ ਨਹੀ ਲੋਭੁ ਮੋਹੁ ਅਭਿਮਾਨੁ ॥ (1427-4, ਸਲੋਕ, ਮਃ 9)
ਕਹੁ ਨਾਨਕ ਸੁਨੁ ਰੇ ਮਨਾ ਸੋ ਮੂਰਤਿ ਭਗਵਾਨ ॥੧੩॥ (1427-4, ਸਲੋਕ, ਮਃ 9)

ਉਸਤਤਿ ਨਿੰਦਿਆ ਨਾਹਿ ਜਿਹਿ ਕੰਚਨ ਲੋਹ ਸਮਾਨਿ ॥ (1427-5, ਸਲੋਕ, ਮਃ 9)
ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥੧੪॥ (1427-5, ਸਲੋਕ, ਮਃ 9)
ਹਰਖੁ ਸੋਗੁ ਜਾ ਕੈ ਨਹੀ ਬੈਰੀ ਮੀਤ ਸਮਾਨਿ ॥ (1427-6, ਸਲੋਕ, ਮਃ 9)
ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥੧੫॥ (1427-6, ਸਲੋਕ, ਮਃ 9)
ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ ॥ (1427-7, ਸਲੋਕ, ਮਃ 9)
ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ ॥੧੬॥ (1427-7, ਸਲੋਕ, ਮਃ 9)
ਜਿਹਿ ਬਿਖਿਆ ਸਗਲੀ ਤਜੀ ਲੀਓ ਭੇਖ ਬੈਰਾਗ ॥ (1427-8, ਸਲੋਕ, ਮਃ 9)
ਕਹੁ ਨਾਨਕ ਸੁਨੁ ਰੇ ਮਨਾ ਤਿਹ ਨਰ ਮਾਥੈ ਭਾਗੁ ॥੧੭॥ (1427-8, ਸਲੋਕ, ਮਃ 9)
ਜਿਹਿ ਮਾਇਆ ਮਮਤਾ ਤਜੀ ਸਭ ਤੇ ਭਇਓ ਉਦਾਸੁ ॥ (1427-9, ਸਲੋਕ, ਮਃ 9)
ਕਹੁ ਨਾਨਕ ਸੁਨੁ ਰੇ ਮਨਾ ਤਿਹ ਘਟਿ ਬ੍ਰਹਮ ਨਿਵਾਸੁ ॥੧੮॥ (1427-9, ਸਲੋਕ, ਮਃ 9)
ਜਿਹਿ ਪ੍ਰਾਨੀ ਹਉਮੈ ਤਜੀ ਕਰਤਾ ਰਾਮੁ ਪਛਾਨਿ ॥ (1427-10, ਸਲੋਕ, ਮਃ 9)
ਕਹੁ ਨਾਨਕ ਵਹੁ ਮੁਕਤਿ ਨਰੁ ਇਹ ਮਨ ਸਾਚੀ ਮਾਨੁ ॥੧੯॥ (1427-10, ਸਲੋਕ, ਮਃ 9)
ਭੈ ਨਾਸਨ ਦੁਰਮਤਿ ਹਰਨ ਕਲਿ ਮੈ ਹਰਿ ਕੋ ਨਾਮੁ ॥ (1427-11, ਸਲੋਕ, ਮਃ 9)
ਨਿਸਿ ਦਿਨੁ ਜੋ ਨਾਨਕ ਭਜੈ ਸਫਲ ਹੋਹਿ ਤਿਹ ਕਾਮ ॥੨੦॥ (1427-11, ਸਲੋਕ, ਮਃ 9)
ਜਿਹਬਾ ਗੁਨ ਗੋਬਿੰਦ ਭਜਹੁ ਕਰਨ ਸੁਨਹੁ ਹਰਿ ਨਾਮੁ ॥ (1427-12, ਸਲੋਕ, ਮਃ 9)
ਕਹੁ ਨਾਨਕ ਸੁਨਿ ਰੇ ਮਨਾ ਪਰਹਿ ਨ ਜਮ ਕੈ ਧਾਮ ॥੨੧॥ (1427-12, ਸਲੋਕ, ਮਃ 9)
ਜੋ ਪ੍ਰਾਨੀ ਮਮਤਾ ਤਜੈ ਲੋਭ ਮੋਹ ਅਹੰਕਾਰ ॥ (1427-13, ਸਲੋਕ, ਮਃ 9)
ਕਹੁ ਨਾਨਕ ਆਪਨ ਤਰੈ ਅਉਰਨ ਲੇਤ ਉਧਾਰ ॥੨੨॥ (1427-13, ਸਲੋਕ, ਮਃ 9)
ਜਿਉ ਸੁਪਨਾ ਅਰੁ ਪੇਖਨਾ ਐਸੇ ਜਗ ਕਉ ਜਾਨਿ ॥ (1427-14, ਸਲੋਕ, ਮਃ 9)
ਇਨ ਮੈ ਕਛੁ ਸਾਚੋ ਨਹੀ ਨਾਨਕ ਬਿਨੁ ਭਗਵਾਨ ॥੨੩॥ (1427-14, ਸਲੋਕ, ਮਃ 9)
ਨਿਸਿ ਦਿਨੁ ਮਾਇਆ ਕਾਰਨੇ ਪ੍ਰਾਨੀ ਡੋਲਤ ਨੀਤ ॥ (1427-15, ਸਲੋਕ, ਮਃ 9)
ਕੋਟਨ ਮੈ ਨਾਨਕ ਕੋਊ ਨਾਰਾਇਨੁ ਜਿਹ ਚੀਤਿ ॥੨੪॥ (1427-15, ਸਲੋਕ, ਮਃ 9)
ਜੈਸੇ ਜਲ ਤੇ ਬੁਦਬੁਦਾ ਉਪਜੈ ਬਿਨਸੈ ਨੀਤ ॥ (1427-16, ਸਲੋਕ, ਮਃ 9)
ਜਗ ਰਚਨਾ ਤੈਸੇ ਰਚੀ ਕਹੁ ਨਾਨਕ ਸੁਨਿ ਮੀਤ ॥੨੫॥ (1427-16, ਸਲੋਕ, ਮਃ 9)
ਪ੍ਰਾਨੀ ਕਛੂ ਨ ਚੇਤਈ ਮਦਿ ਮਾਇਆ ਕੈ ਅੰਧੁ ॥ (1427-16, ਸਲੋਕ, ਮਃ 9)
ਕਹੁ ਨਾਨਕ ਬਿਨੁ ਹਰਿ ਭਜਨ ਪਰਤ ਤਾਹਿ ਜਮ ਫੰਧ ॥੨੬॥ (1427-17, ਸਲੋਕ, ਮਃ 9)
ਜਉ ਸੁਖ ਕਉ ਚਾਹੈ ਸਦਾ ਸਰਨਿ ਰਾਮ ਕੀ ਲੇਹ ॥ (1427-17, ਸਲੋਕ, ਮਃ 9)
ਕਹੁ ਨਾਨਕ ਸੁਨਿ ਰੇ ਮਨਾ ਦੁਰਲਭ ਮਾਨੁਖ ਦੇਹ ॥੨੭॥ (1427-18, ਸਲੋਕ, ਮਃ 9)
ਮਾਇਆ ਕਾਰਨਿ ਧਾਵਹੀ ਮੂਰਖ ਲੋਗ ਅਜਾਨ ॥ (1427-18, ਸਲੋਕ, ਮਃ 9)
ਕਹੁ ਨਾਨਕ ਬਿਨੁ ਹਰਿ ਭਜਨ ਬਿਰਥਾ ਜਨਮੁ ਸਿਰਾਨ ॥੨੮॥ (1427-19, ਸਲੋਕ, ਮਃ 9)
ਜੋ ਪ੍ਰਾਨੀ ਨਿਸਿ ਦਿਨੁ ਭਜੈ ਰੂਪ ਰਾਮ ਤਿਹ ਜਾਨੁ ॥ (1427-19, ਸਲੋਕ, ਮਃ 9)
ਹਰਿ ਜਨ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ ॥੨੯॥ (1428-1, ਸਲੋਕ, ਮਃ 9)
ਮਨੁ ਮਾਇਆ ਮੈ ਫਧਿ ਰਹਿਓ ਬਿਸਰਿਓ ਗੋਬਿੰਦ ਨਾਮੁ ॥ (1428-1, ਸਲੋਕ, ਮਃ 9)
ਕਹੁ ਨਾਨਕ ਬਿਨੁ ਹਰਿ ਭਜਨ ਜੀਵਨ ਕਉਨੇ ਕਾਮ ॥੩੦॥ (1428-2, ਸਲੋਕ, ਮਃ 9)
ਪ੍ਰਾਨੀ ਰਾਮੁ ਨ ਚੇਤਈ ਮਦਿ ਮਾਇਆ ਕੈ ਅੰਧੁ ॥ (1428-2, ਸਲੋਕ, ਮਃ 9)
ਕਹੁ ਨਾਨਕ ਹਰਿ ਭਜਨ ਬਿਨੁ ਪਰਤ ਤਾਹਿ ਜਮ ਫੰਧ ॥੩੧॥ (1428-3, ਸਲੋਕ, ਮਃ 9)

ਸੁਖ ਮੈ ਬਹੁ ਸੰਗੀ ਭਏ ਦੁਖ ਮੈ ਸੰਗਿ ਨ ਕੋਇ ॥ (1428-3, ਸਲੋਕ, ਮਃ 9)
ਕਹੁ ਨਾਨਕ ਹਰਿ ਭਜੁ ਮਨਾ ਅੰਤਿ ਸਹਾਈ ਹੋਇ ॥੩੨॥ (1428-4, ਸਲੋਕ, ਮਃ 9)
ਜਨਮ ਜਨਮ ਭਰਮਤ ਫਿਰਿਓ ਮਿਟਿਓ ਨ ਜਮ ਕੋ ਤ੍ਰਾਸੁ ॥ (1428-4, ਸਲੋਕ, ਮਃ 9)
ਕਹੁ ਨਾਨਕ ਹਰਿ ਭਜੁ ਮਨਾ ਨਿਰਭੈ ਪਾਵਹਿ ਬਾਸੁ ॥੩੩॥ (1428-5, ਸਲੋਕ, ਮਃ 9)
ਜਤਨ ਬਹੁਤੁ ਮੈ ਕਰਿ ਰਹਿਓ ਮਿਟਿਓ ਨ ਮਨ ਕੋ ਮਾਨੁ ॥ (1428-5, ਸਲੋਕ, ਮਃ 9)
ਦੁਰਮਤਿ ਸਿਉ ਨਾਨਕ ਫਧਿਓ ਰਾਖਿ ਲੇਹੁ ਭਗਵਾਨ ॥੩੪॥ (1428-6, ਸਲੋਕ, ਮਃ 9)
ਬਾਲ ਜੁਆਨੀ ਅਰੁ ਬਿਰਧਿ ਫੁਨਿ ਤੀਨਿ ਅਵਸਥਾ ਜਾਨਿ ॥ (1428-7, ਸਲੋਕ, ਮਃ 9)
ਕਹੁ ਨਾਨਕ ਹਰਿ ਭਜਨ ਬਿਨੁ ਬਿਰਥਾ ਸਭ ਹੀ ਮਾਨੁ ॥੩੫॥ (1428-7, ਸਲੋਕ, ਮਃ 9)
ਕਰਣੋ ਹੁਤੋ ਸੁ ਨਾ ਕੀਓ ਪਰਿਓ ਲੋਭ ਕੈ ਫੰਧ ॥ (1428-8, ਸਲੋਕ, ਮਃ 9)
ਨਾਨਕ ਸਮਿਓ ਰਮਿ ਗਇਓ ਅਬ ਕਿਉ ਰੋਵਤ ਅੰਧ ॥੩੬॥ (1428-8, ਸਲੋਕ, ਮਃ 9)
ਮਨੁ ਮਾਇਆ ਮੈ ਰਮਿ ਰਹਿਓ ਨਿਕਸਤ ਨਾਹਿਨ ਮੀਤ ॥ (1428-9, ਸਲੋਕ, ਮਃ 9)
ਨਾਨਕ ਮੂਰਤਿ ਚਿਤ੍ਰ ਜਿਉ ਛਾਡਿਤ ਨਾਹਿਨ ਭੀਤਿ ॥੩੭॥ (1428-9, ਸਲੋਕ, ਮਃ 9)
ਨਰ ਚਾਹਤ ਕਛੁ ਅਉਰ ਅਉਰੈ ਕੀ ਅਉਰੈ ਭਈ ॥ (1428-10, ਸਲੋਕ, ਮਃ 9)
ਚਿਤਵਤ ਰਹਿਓ ਠਗਉਰ ਨਾਨਕ ਫਾਸੀ ਗਲਿ ਪਰੀ ॥੩੮॥ (1428-10, ਸਲੋਕ, ਮਃ 9)
ਜਤਨ ਬਹੁਤ ਸੁਖ ਕੇ ਕੀਏ ਦੁਖ ਕੋ ਕੀਓ ਨ ਕੋਇ ॥ (1428-11, ਸਲੋਕ, ਮਃ 9)
ਕਹੁ ਨਾਨਕ ਸੁਨਿ ਰੇ ਮਨਾ ਹਰਿ ਭਾਵੈ ਸੋ ਹੋਇ ॥੩੯॥ (1428-11, ਸਲੋਕ, ਮਃ 9)
ਜਗਤੁ ਭਿਖਾਰੀ ਫਿਰਤੁ ਹੈ ਸਭ ਕੋ ਦਾਤਾ ਰਾਮੁ ॥ (1428-12, ਸਲੋਕ, ਮਃ 9)
ਕਹੁ ਨਾਨਕ ਮਨ ਸਿਮਰੁ ਤਿਹ ਪੂਰਨ ਹੋਵਹਿ ਕਾਮ ॥੪੦॥ (1428-12, ਸਲੋਕ, ਮਃ 9)
ਝੂਠੈ ਮਾਨੁ ਕਹਾ ਕਰੈ ਜਗੁ ਸੁਪਨੇ ਜਿਉ ਜਾਨੁ ॥ (1428-13, ਸਲੋਕ, ਮਃ 9)
ਇਨ ਮੈ ਕਛੁ ਤੇਰੋ ਨਹੀ ਨਾਨਕ ਕਹਿਓ ਬਖਾਨਿ ॥੪੧॥ (1428-13, ਸਲੋਕ, ਮਃ 9)
ਗਰਬੁ ਕਰਤੁ ਹੈ ਦੇਹ ਕੋ ਬਿਨਸੈ ਛਿਨ ਮੈ ਮੀਤ ॥ (1428-13, ਸਲੋਕ, ਮਃ 9)
ਜਿਹਿ ਪ੍ਰਾਨੀ ਹਰਿ ਜਸੁ ਕਹਿਓ ਨਾਨਕ ਤਿਹਿ ਜਗੁ ਜੀਤਿ ॥੪੨॥ (1428-14, ਸਲੋਕ, ਮਃ 9)
ਜਿਹ ਘਟਿ ਸਿਮਰਨੁ ਰਾਮ ਕੋ ਸੋ ਨਰੁ ਮੁਕਤਾ ਜਾਨੁ ॥ (1428-14, ਸਲੋਕ, ਮਃ 9)
ਤਿਹਿ ਨਰ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ ॥੪੩॥ (1428-15, ਸਲੋਕ, ਮਃ 9)
ਏਕ ਭਗਤਿ ਭਗਵਾਨ ਜਿਹ ਪ੍ਰਾਨੀ ਕੈ ਨਾਹਿ ਮਨਿ ॥ (1428-15, ਸਲੋਕ, ਮਃ 9)
ਜੈਸੇ ਸੂਕਰ ਸੁਆਨ ਨਾਨਕ ਮਾਨੋ ਤਾਹਿ ਤਨੁ ॥੪੪॥ (1428-16, ਸਲੋਕ, ਮਃ 9)
ਸੁਆਮੀ ਕੋ ਗ੍ਰਿਹੁ ਜਿਉ ਸਦਾ ਸੁਆਨ ਤਜਤ ਨਹੀ ਨਿਤ ॥ (1428-16, ਸਲੋਕ, ਮਃ 9)
ਨਾਨਕ ਇਹ ਬਿਧਿ ਹਰਿ ਭਜਉ ਇਕ ਮਨਿ ਹੁਇ ਇਕ ਚਿਤਿ ॥੪੫॥ (1428-17, ਸਲੋਕ, ਮਃ 9)
ਤੀਰਥ ਬਰਤ ਅਰੁ ਦਾਨ ਕਰਿ ਮਨ ਮੈ ਧਰੈ ਗੁਮਾਨੁ ॥ (1428-18, ਸਲੋਕ, ਮਃ 9)
ਨਾਨਕ ਨਿਹਫਲ ਜਾਤ ਤਿਹ ਜਿਉ ਕੁੰਚਰ ਇਸਨਾਨੁ ॥੪੬॥ (1428-18, ਸਲੋਕ, ਮਃ 9)
ਸਿਰੁ ਕੰਪਿਓ ਪਗ ਡਗਮਗੇ ਨੈਨ ਜੋਤਿ ਤੇ ਹੀਨ ॥ (1428-18, ਸਲੋਕ, ਮਃ 9)
ਕਹੁ ਨਾਨਕ ਇਹ ਬਿਧਿ ਭਈ ਤਉ ਨ ਹਰਿ ਰਸਿ ਲੀਨ ॥੪੭॥ (1428-18, ਸਲੋਕ, ਮਃ 9)
ਨਿਜ ਕਰਿ ਦੇਖਿਓ ਜਗਤੁ ਮੈ ਕੋ ਕਾਹੂ ਕੋ ਨਾਹਿ ॥ (1429-1, ਸਲੋਕ, ਮਃ 9)
ਨਾਨਕ ਥਿਰੁ ਹਰਿ ਭਗਤਿ ਹੈ ਤਿਹ ਰਾਖੋ ਮਨ ਮਾਹਿ ॥੪੮॥ (1429-1, ਸਲੋਕ, ਮਃ 9)
ਜਗ ਰਚਨਾ ਸਭ ਝੂਠ ਹੈ ਜਾਨਿ ਲੇਹੁ ਰੇ ਮੀਤ ॥ (1429-2, ਸਲੋਕ, ਮਃ 9)
ਕਹਿ ਨਾਨਕ ਥਿਰੁ ਨਾ ਰਹੈ ਜਿਉ ਬਾਲੂ ਕੀ ਭੀਤਿ ॥੪੯॥ (1429-2, ਸਲੋਕ, ਮਃ 9)

ਰਾਮੁ ਗਇਓ ਰਾਵਨੁ ਗਇਓ ਜਾ ਕਉ ਬਹੁ ਪਰਵਾਰੁ ॥ (1429-3, ਸਲੋਕ, ਮਃ 9)
ਕਹੁ ਨਾਨਕ ਥਿਰੁ ਕਛੁ ਨਹੀ ਸੁਪਨੇ ਜਿਉ ਸੰਸਾਰੁ ॥੫੦॥ (1429-3, ਸਲੋਕ, ਮਃ 9)
ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ ॥ (1429-4, ਸਲੋਕ, ਮਃ 9)
ਇਹੁ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ ॥੫੧॥ (1429-4, ਸਲੋਕ, ਮਃ 9)
ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੈ ਕਾਲਿ ॥ (1429-4, ਸਲੋਕ, ਮਃ 9)
ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ ॥੫੨॥ (1429-5, ਸਲੋਕ, ਮਃ 9)
ਦੋਹਰਾ ॥ (1429-5)
ਬਲੁ ਛੁਟਕਿਓ ਬੰਧਨ ਪਰੇ ਕਛੂ ਨ ਹੋਤ ਉਪਾਇ ॥ (1429-6, ਸਲੋਕ, ਮਃ 9)
ਕਹੁ ਨਾਨਕ ਅਬ ਓਟ ਹਰਿ ਗਜ ਜਿਉ ਹੋਹੁ ਸਹਾਇ ॥੫੩॥ (1429-6, ਸਲੋਕ, ਮਃ 9)
ਬਲੁ ਹੋਆ ਬੰਧਨ ਛੁਟੇ ਸਭੁ ਕਿਛੁ ਹੋਤ ਉਪਾਇ ॥ (1429-7, ਸਲੋਕ, ਮਃ 9)
ਨਾਨਕ ਸਭੁ ਕਿਛੁ ਤੁਮਰੈ ਹਾਥ ਮੈ ਤੁਮ ਹੀ ਹੋਤ ਸਹਾਇ ॥੫੪॥ (1429-7, ਸਲੋਕ, ਮਃ 9)
ਸੰਗ ਸਖਾ ਸਭਿ ਤਜਿ ਗਏ ਕੋਊ ਨ ਨਿਬਹਿਓ ਸਾਥਿ ॥ (1429-8, ਸਲੋਕ, ਮਃ 9)
ਕਹੁ ਨਾਨਕ ਇਹ ਬਿਪਤਿ ਮੈ ਟੇਕ ਏਕ ਰਘੁਨਾਥ ॥੫੫॥ (1429-8, ਸਲੋਕ, ਮਃ 9)
ਨਾਮੁ ਰਹਿਓ ਸਾਧੂ ਰਹਿਓ ਰਹਿਓ ਗੁਰੁ ਗੋਬਿੰਦੁ ॥ (1429-9, ਸਲੋਕ, ਮਃ 9)
ਕਹੁ ਨਾਨਕ ਇਹ ਜਗਤ ਮੈ ਕਿਨ ਜਪਿਓ ਗੁਰ ਮੰਤੁ ॥੫੬॥ (1429-9, ਸਲੋਕ, ਮਃ 9)
ਰਾਮ ਨਾਮੁ ਉਰ ਮੈ ਗਹਿਓ ਜਾ ਕੈ ਸਮ ਨਹੀ ਕੋਇ ॥ (1429-10, ਸਲੋਕ, ਮਃ 9)
ਜਿਹ ਸਿਮਰਤ ਸੰਕਟ ਮਿਟੈ ਦਰਸੁ ਤੁਹਾਰੋ ਹੋਇ ॥੫੭॥੧॥ (1429-10, ਸਲੋਕ, ਮਃ 9)